ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 9 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੫, ੨੬ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਰੰਟ ਲੱਗਣ ਨਾਲ 14 ਬੱਚੇ ਝੁਲਸੇ, 3 ਦੀ ਹਾਲਤ ਨਾਜ਼ੁਕ

**ਕੋਟਾ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼ਿਵਰਾਤਰੀ ਦੇ ਖਾਸ ਮੌਕੇ 'ਤੇ ਰਾਜਸਥਾਨ ਦੇ ਕੋਟਾ 'ਚ ਕੱਢੀ ਜਾ ਰਹੀ ਭਗਵਾਨ ਸ਼ਿਵ ਦੀ ਬਰਾਤ ਦੌਰਾਨ ਵੱਡਾ ਹਾਦਸਾ ਵਾਪਰ ਗਿਆ। ਦਰਅਸਲ, ਸ਼ਿਵ ਬਰਾਤ ਦੌਰਾਨ ਕਰੰਟ ਲੱਗਣ ਕਾਰਨ ਕਰੀਬ 14 ਬੱਚੇ ਬੁਰੀ ਤਰ੍ਹਾਂ ਝੁਲਸ ਗਏ, ਜਿਨ੍ਹਾਂ ਵਿੱਚੋਂ 3 ਦੀ ਹਾਲਤ ਨਾਜ਼ੁਕ ਬਣੀ ਦੱਸੀ ਜਾ ਰਹੀ ਹੈ। ਮਾਮਲਾ ਸਾਗਤਪੁਰਾ ਸਥਿਤ ਕਾਲੀ ਬਸਤੀ ਦਾ ਹੈ। ਯਾਤਰਾ ਦੌਰਾਨ ਕਈ ਬੱਚਿਆਂ ਨੇ ਧਾਰਮਿਕ ਝੰਡਾ ਚੁੱਕਿਆ ਹੋਇਆ ਸੀ ਜੋ ਕਿ ਹਾਈ ਵੋਲਟੇਜ ਤਾਰਾਂ ਨੂੰ ਛੂਹ ਗਿਆ ਜਿਸ ਕਾਰਨ ਬੱਚੇ ਕਰੰਟ ਦੀ ਲਪੇਟ 'ਚ ਆ ਗਏ। ਜਾਣਕਾਰੀ ਅਨੁਸਾਰ ਕੁਨਹਾੜੀ ਥਰਮਲ ਚੌਰਾਹੇ ਨੇੜੇ ਦੁਪਹਿਰ ਕਰੀਬ ਸਾਢੇ 12 ਵਜੇ ਵਾਪਰੀ ਇਸ ਘਟਨਾ ਨੇ ਹਫੜਾ-ਦਫੜੀ ਮਚਾ ਦਿੱਤੀ। ਮੌਕੇ 'ਤੇ ਮੌਜੂਦ ਲੋਕਾਂ ਨੇ ਜ਼ਖਮੀ ਬੱਚਿਆਂ ਨੂੰ ਤੁਰੰਤ ਚੁੱਕ ਕੇ ਐੱਮ.ਬੀ.ਬੀ.ਐੱਸ. ਹਸਪਤਾਲ 'ਚ ਦਾਖਲ ਕਰਵਾਇਆ, ਜਿੱਥੇ ਡਾਕਟਰ ਉਨ੍ਹਾਂ ਦਾ ਇਲਾਜ ਕਰ ਰਹੇ ਹਨ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਸ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਲੋਕ ਸਭਾ ਸਪੀਕਰ ਅਤੇ ਕੋਟਾ ਦੇ ਸੰਸਦ ਮੈਂਬਰ ਓਮ ਬਿਰਲਾ ਕਰੰਟ ਦੀ ਲਪੇਟ 'ਚ ਆਉਣ ਵਾਲੇ ਬੱਚਿਆਂ ਦੀ ਸਿਹਤ ਦਾ ਹਾਲ-ਚਾਲ ਪੁੱਛਣ ਹਸਪਤਾਲ ਪਹੁੰਚੇ ਹਨ। ਉਨ੍ਹਾਂ ਜ਼ਖਮੀ ਬੱਚਿਆਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਹੈ। ਓਮ ਬਿਰਲਾ ਨੇ ਹਸਪਤਾਲ ਦੇ ਡਾਕਟਰਾਂ ਨੂੰ ਜ਼ਖਮੀਆਂ ਦਾ ਢੁੱਕਵਾਂ ਇਲਾਜ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਜੇਕਰ ਲੋੜ ਪਈ ਤਾਂ ਜ਼ਖਮੀ ਬੱਚਿਆਂ ਨੂੰ ਜੈਪੁਰ ਰੈਫਰ ਕੀਤਾ ਜਾਵੇਗਾ।

## ਚੀਨ ਦੇ ਬਾਰਡਰ 'ਤੇ ਹਿੱਲਜੁਲ !

# ਭਾਰਤ ਨੇ ਭੇਜੇ 10000 ਹੋਰ ਸੈਨਿਕ

**ਨਵੀਂ ਦਿੱਲੀ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤ-ਚੀਨ ਦੇ ਰਿਸ਼ਤੇ ਸੁਧਰਦੇ ਦਿਖਾਈ ਨਹੀਂ ਦੇ ਰਹੇ। ਤਾਜ਼ਾ ਹਾਲਾਤ ਨੂੰ ਵੇਖਦਿਆਂ ਭਾਰਤ ਸਰਕਾਰ ਨੇ ਵੱਡਾ ਕਦਮ ਚੁੱਕਿਆ ਹੈ। ਮੀਡੀਆ ਰਿਪੋਰਟਾਂ ਮੁਤਾਬਕ ਭਾਰਤ ਨੇ ਚੀਨ ਨਾਲ ਲੱਗਦੀ ਆਪਣੀ ਵਿਵਾਦਤ ਸਰਹੱਦ ਨੂੰ ਮਜ਼ਬੂਤ ਕਰਨ ਲਈ ਨਵੀਂ ਰਣਨੀਤੀ ਬਣਾਈ ਹੈ। ਭਾਰਤੀ ਫੌਜ ਨੇ ਚੀਨ ਸਰਹੱਦ 'ਤੇ 10,000 ਜਵਾਨਾਂ ਨੂੰ ਤਾਇਨਾਤ ਕੀਤਾ ਹੈ। ਹਾਲਾਂਕਿ ਫੌਜ ਦੇ ਅਧਿਕਾਰੀਆਂ ਨੇ ਇਸ ਬਾਰੇ ਕੋਈ ਰਸਮੀ ਜਾਣਕਾਰੀ ਨਹੀਂ ਦਿੱਤੀ। ਮੀਡੀਆ ਰਿਪੋਰਟਾਂ ਮੁਤਾਬਕ ਇਨ੍ਹਾਂ 10000 ਸੈਨਿਕਾਂ ਨੂੰ ਉੱਤਰਾਖੰਡ ਤੋਂ ਹਿਮਾਚਲ ਪ੍ਰਦੇਸ਼ ਤੱਕ ਚੀਨ ਦੀ ਸਰਹੱਦ 'ਤੇ ਤਾਇਨਾਤ ਕੀਤਾ ਗਿਆ ਹੈ। ਭਾਰਤ-ਚੀਨ ਸਰਹੱਦ ਦੇ ਇਸ ਖੇਤਰ ਵਿੱਚ ਪਹਿਲਾਂ ਹੀ 9000 ਸੈਨਿਕ ਤਾਇਨਾਤ ਹਨ। ਇਹ ਭਾਰਤੀ ਸੈਨਿਕ 532 ਕਿਲੋਮੀਟਰ ਲੰਬੀ ਸਰਹੱਦ ਨੂੰ ਹੋਰ ਸੁਰੱਖਿਅਤ ਕਰਨਗੇ। ਦੱਸ ਦਈਏ ਕਿ ਇਸ ਖੇਤਰ ਵਿੱਚ



ਪਿਛਲੇ ਦਹਾਕੇ ਦੌਰਾਨ ਬੁਨਿਆਦੀ ਢਾਂਚੇ ਵਿੱਚ ਭਾਰੀ ਨਿਵੇਸ਼ ਤੇ ਵਿਕਾਸ ਦੇਖਿਆ ਗਿਆ ਹੈ। ਕੇਂਦਰ ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਇਸ ਖੇਤਰ ਵਿੱਚ ਸੈਰ ਸਪਾਟੇ ਨੂੰ ਵੀ ਬੜਾਵਾ ਮਿਲਿਆ ਹੈ। ਇਸ ਦੇ ਨਾਲ ਹੀ ਪਿਛਲੇ ਸਮੇਂ ਦੌਰਾਨ ਭਾਰਤ ਤੇ ਚੀਨ ਦੇ ਸੈਨਿਕਾਂ ਵਿਚਾਲੇ ਕਈ ਵਾਰ ਝੜਪ ਵੀ ਹੋ ਚੁੱਕੀ ਹੈ। ਸਾਲ 2020 'ਚ ਚੀਨੀ ਸੈਨਿਕਾਂ ਨਾਲ ਝੜਪ 'ਚ ਘੱਟੋ-ਘੱਟ 20 ਭਾਰਤੀ ਫੌਜੀ ਸ਼ਹੀਦ ਹੋ ਗਏ ਸਨ। ਇਸ ਦੌਰਾਨ ਭਾਰਤੀ ਜਵਾਨਾਂ ਨੇ ਵੀ ਚੀਨੀ ਸੈਨਿਕਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਸੀ ਪਰ ਚੀਨ ਨੇ ਦੁਨੀਆ 'ਚ ਬਦਨਾਮੀ ਦੇ ਡਰੋਂ ਆਪਣੇ ਫੌਜੀਆਂ ਦੀ ਮੌਤ ਦੀ ਗਿਣਤੀ ਦਾ ਖੁਲਾਸਾ ਨਹੀਂ ਕੀਤਾ ਸੀ। ਇਸ ਘਟਨਾ ਤੋਂ ਬਾਅਦ ਸਾਲ 2021 'ਚ ਭਾਰਤ ਨੇ ਚੀਨ ਨਾਲ ਲੱਗਦੀ ਆਪਣੀ ਸਰਹੱਦ 'ਤੇ ਗਸ਼ਤ ਲਈ 50,000 ਵਾਧੂ ਸੈਨਿਕ ਤਾਇਨਾਤ ਕੀਤੇ ਸਨ। ਇਸ ਘਟਨਾ ਤੋਂ ਬਾਅਦ, ਭਾਰਤ ਤੇ ਚੀਨ ਨੇ ਸਰਹੱਦੀ ਖੇਤਰਾਂ ਦੇ ਨਾਲ ਮਿਲਟਰੀ ਨਾਲ ਸਬੰਧਤ ਬੁਨਿਆਦੀ ਢਾਂਚੇ ਨੂੰ ਵਧਾ ਦਿੱਤਾ ਹੈ ਤੇ ਹੋਰ ਸੈਨਿਕਾਂ ਦੀ ਤਾਇਨਾਤੀ ਦੇ ਨਾਲ-ਨਾਲ ਆਪਣੀਆਂ ਸਰਹੱਦਾਂ 'ਤੇ ਮਿਜ਼ਾਈਲਾਂ ਤੇ ਹਵਾਈ ਜਹਾਜ਼ਾਂ ਨੂੰ ਤਾਇਨਾਤ ਕੀਤਾ ਹੈ। ਹਾਲ ਹੀ ਵਿੱਚ ਭਾਰਤ ਦੇ ਰੱਖਿਆ ਸਕੱਤਰ ਗਿਰਿਧਰ ਅਰਮਾਨੇ ਨੇ ਕਿਹਾ ਸੀ ਕਿ ਸੰਭਵ ਹੈ ਕਿ ਸਾਨੂੰ ਮੁੜ ਅਜਿਹੀ ਸਥਿਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਜਿਸ ਤਰ੍ਹਾਂ ਦੀ ਸਥਿਤੀ ਦਾ 2020 ਵਿੱਚ ਕਰਨਾ ਪਿਆ ਸੀ।

## ਕੇਂਦਰੀ ਬਲਾਂ ਦੀਆਂ 25 ਕੰਪਨੀਆਂ ਪਹੁੰਚੀਆਂ ਪੰਜਾਬ, ਸੰਵੇਦਨਸ਼ੀਲ ਜ਼ਿਲ੍ਹਿਆਂ ਵਿੱਚ ਹੋਣਗੀਆਂ ਤਾਇਨਾਤ

**ਚੰਡੀਗੜ੍ਹ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਗਾਮੀ ਲੋਕ ਸਭਾ ਚੋਣਾਂ 2024 ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣਾ ਯਕੀਨੀ ਬਣਾਉਣ ਅਤੇ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦੀਆਂ 25 ਕੰਪਨੀਆਂ ਪੰਜਾਬ ਰਾਜ ਵਿੱਚ ਪਹੁੰਚ ਚੁੱਕੀਆਂ ਹਨ। ਇਹਨਾਂ 25 ਕੰਪਨੀਆਂ ਵਿੱਚ ਕੇਂਦਰੀ ਰਿਜ਼ਰਵਡ ਪੁਲਿਸ ਬਲਾਂ (ਸੀਆਰਪੀਐਫ) ਦੀਆਂ ਪੰਜ ਕੰਪਨੀਆਂ, ਸੀਮਾ ਸੁਰੱਖਿਆ ਬਲ (ਬੀਐਸਐਫ) ਦੀਆਂ 15 ਕੰਪਨੀਆਂ ਅਤੇ ਇੰਡੋ-ਤਿੱਬਤੀ ਬਾਰਡਰ ਪੁਲਿਸ (ਆਈਟੀਬੀਪੀ) ਦੀਆਂ ਪੰਜ ਕੰਪਨੀਆਂ ਸ਼ਾਮਲ ਹਨ। ਹੋਰ ਵੇਰਵਿਆਂ ਬਾਰੇ ਜਾਣਕਾਰੀ ਦਿੰਦਿਆਂ ਸਪੈਸ਼ਲ ਡਾਇਰੈਕਟਰ ਜਨਰਲ ਆਫ



ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਆਮ ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਨ ਦੇ ਨਾਲ-ਨਾਲ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਖੇਤਰਾਂ ਵਿੱਚ ਦਬਦਬਾ ਬਣਾਉਣ ਲਈ ਸੂਬੇ ਦੇ ਸੰਵੇਦਨਸ਼ੀਲ ਜ਼ਿਲ੍ਹਿਆਂ ਵਿੱਚ ਇਹਨਾਂ ਸੁਰੱਖਿਆ ਬਲਾਂ ਨੂੰ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਖੇਤਰਾਂ ਦੀ ਮੈਪਿੰਗ ਵੀ ਕੀਤੀ ਜਾ ਰਹੀ ਹੈ ਤਾਂ ਜੋ ਆਮ ਚੋਣਾਂ ਤੋਂ ਪਹਿਲਾਂ ਕਿਸੇ ਵੀ ਅਣਸੁਖਾਵੀਂ ਸਥਿਤੀ ਤੋਂ ਬਚਾਅ ਲਈ ਹੋਰ ਬਲਾਂ ਨੂੰ ਤਾਇਨਾਤ ਕੀਤਾ ਜਾ ਸਕੇ। ਸਪੈਸ਼ਲ ਡੀਜੀਪੀ ਵੱਲੋਂ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਸਮਾਜ ਵਿਰੋਧੀ ਅਨਸਰਾਂ 'ਤੇ ਬਾਜ ਅੱਖ ਰੱਖਣ ਅਤੇ ਆਮ ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਨ ਲਈ ਫਲੈਗ ਮਾਰਚ ਕੱਢਣ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਡੀਜੀਪੀ ਪੰਜਾਬ ਗੌਰਵ ਯਾਦਵ ਦੀ ਅਗਵਾਈ ਹੇਠ ਪੰਜਾਬ ਪੁਲਿਸ ਸੂਬੇ ਵਿੱਚ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਵਚਨਬੱਧ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਨੂੰ

# ਜ਼ਿਲ੍ਹਾ ਬਣਾਉਣ ਦੀ ਤਿਆਰੀ 'ਚ ਪੰਜਾਬ ਸਰਕਾਰ !

**ਚੰਡੀਗੜ੍ਹ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਿਛਲੀਆਂ ਸਰਕਾਰਾਂ ਵਲੋਂ ਭਾਵੇਂ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹੇ ਦਾ ਦਰਜ਼ਾ ਦੇਣ ਦੀਆਂ ਬਹੁਤ ਦੇਰ ਦੀਆਂ ਗੱਲਾਂ ਕੀਤੀਆਂ ਜਾਂਦੀਆਂ ਰਹੀਆਂ ਹਨ ਪਰ ਹੁਣ ਮੌਜੂਦਾ ਸਰਕਾਰ ਵਲੋਂ ਸੂਬੇ ਦੇ ਇਤਿਹਾਸਕ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਘੋਸ਼ਿਤ ਕਰਨ ਲਈ ਤਜਵੀਜ਼ ਤਿਆਰ ਕੀਤੀ ਜਾ ਰਹੀ ਹੈ ਅਤੇ ਇਸ ਨੂੰ ਲੈ ਕੇ ਸਰਕਾਰ ਵਲੋਂ ਵਿਭਾਗਾਂ ਨੂੰ ਪੱਤਰ ਲਿਖ ਕੇ ਵਿਭਾਗਾਂ ਤੋਂ ਰਿਪੋਰਟਾਂ ਮੰਗਵਾਈਆਂ ਜਾ ਰਹੀਆਂ ਹਨ। ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪਿਛਲੇ ਦਿਨੀਂ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਵਲੋਂ ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਨੰਦਪੁਰ ਸਾਹਿਬ, ਨੂਰਪੁਰਬੇਦੀ, ਪੋਸਟ ਮਾਸਟਰ ਸ੍ਰੀ ਅਨੰਦਪੁਰ ਸਾਹਿਬ ਨੂੰ ਪੱਤਰ ਲਿਖਿਆ ਗਿਆ ਜਿਸ ਵਿਚ ਸਪੱਸ਼ਟ ਕੀਤਾ ਗਿਆ ਕਿ ਪੰਜਾਬ ਸਰਕਾਰ ਵਲੋਂ ਇਤਿਹਾਸਕ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਘੋਸ਼ਿਤ ਕਰਨ ਸਬੰਧੀ ਤਜਵੀਜ਼ ਵਿਚਾਰ ਅਧੀਨ ਹੈ ਜਿਸ ਤਹਿਤ ਪੰਜਾਬ ਸਰਕਾਰ ਵਲੋਂ ਸਥਾਪਤ ਪੁਨਰਗਠਨ ਕਮੇਟੀ ਦੀ ਰਿਪੋਰਟ ਦੇ ਨੁਕਤੇ ਦੇ ਆਧਾਰ 'ਤੇ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਤਾਜੇ ਮਤਿਆਂ, ਕਾਨੂਗੋਈਆਂ ਦੀਆਂ ਹੱਦਾਂ ਸਮੇਤ ਮੁਕੰਮਲ ਵੇਰਵੇ ਨਿਰਧਾਰਿਤ ਪ੍ਰੋਫਾਰਮੇ ਵਿਚ ਭਰ ਕੇ ਭੇਜੇ ਜਾਣ।



ਇੱਥੇ ਦੱਸਣਯੋਗ ਹੈ ਕਿ ਸਰਕਾਰ ਵਲੋਂ ਜੇਕਰ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਘੋਸ਼ਿਤ ਕੀਤਾ ਜਾਂਦਾ ਹੈ ਤਾਂ ਜ਼ਿਲ੍ਹਾ ਰੂਪਨਗਰ ਦਾ ਆਕਾਰ ਪਹਿਲਾਂ ਨਾਲੋਂ ਕਾਫੀ ਘੱਟ ਜਾਵੇਗਾ ਕਿਉਂਕਿ ਸਾਲ 2006 ਵਿਚ ਕਾਂਗਰਸ ਸਰਕਾਰ ਵਲੋਂ ਜ਼ਿਲ੍ਹਾ ਰੂਪਨਗਰ ਵਿਚੋਂ ਖਰੜ, ਮੋਹਾਲੀ ਤਹਿਸੀਲਾਂ ਅਤੇ ਜ਼ਿਲ੍ਹਾ ਪਟਿਆਲਾ ਵਿਚੋਂ ਡੇਰਾਬੱਸੀ ਤਹਿਸੀਲ ਨੂੰ ਕੱਢ ਕੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦਾ ਪੁਨਗਠਨ ਕਰਦੇ ਹੋਏ ਨਵਾਂ ਜ਼ਿਲ੍ਹਾ ਬਣਾ ਦਿੱਤਾ ਗਿਆ ਸੀ। ਅਜਿਹੇ ਵਿਚ ਕੀ ਹੁਣ ਇਕ ਵਾਰ ਫਿਰ ਤੋਂ ਸ਼ਹਿਰਾਂ ਅਤੇ ਪਿੰਡਾ ਦੀ ਜੋੜ ਤੋੜ ਕੀਤੀ ਜਾਵੇਗੀ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸਰਕਾਰ ਕੁਰਾਲੀ ਸ਼ਹਿਰ ਅਤੇ ਘੜੂੰਆਂ ਕਾਨੂੰਗੋਈ ਦੇ ਪਿੰਡਾਂ ਨੂੰ ਮੁੜ ਤੋਂ ਰੂਪਨਗਰ ਜ਼ਿਲ੍ਹੇ ਵਿਚ ਸ਼ਾਮਿਲ ਕਰ ਸਕਦੀ ਹੈ।

ਇਸ ਸਬੰਧੀ ਬੋਲਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ, ਯੂਥ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪਿੰਡ ਤ੍ਰਿਪੜੀ ਦੇ ਸਾਬਕਾ ਸਰਪੰਚ ਕੁਲਵੰਤ ਸਿੰਘ ਤ੍ਰਿਪੜੀ ਸਮੇਤ ਹੋਰਨਾਂ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵਲੋਂ ਕੁਰਾਲੀ ਅਤੇ ਘੜੂੰਆਂ ਕਾਨੂੰਗੋਈ ਦੇ ਪਿੰਡਾਂ ਨੂੰ ਜ਼ਿਲ੍ਹਾ ਰੂਪਨਗਰ ਵਿਚ ਸ਼ਾਮਿਲ ਕੀਤਾ ਗਿਆ ਤਾਂ ਉਹ ਇਸਦਾ ਡੱਟ ਕੇ ਵਿਰੋਧ ਕਰਨਗੇ। ਉਨ੍ਹਾਂ ਕਿਹਾ ਕਿ ਦੇਸ਼ ਦੇ ਹੱਦ ਕਮਿਸ਼ਨ ਵਲੋਂ ਵਿਧਾਨ ਸਭਾ ਹਲਕਿਆਂ ਦਾ ਪੁਨਰਗਠਨ ਕੀਤਾ ਗਿਆ ਸੀ ਤਾਂ ਉਸ ਸਮੇਂ ਖਰੜ ਤਹਿਸੀਲ ਦੀ ਘੜੂੰਆਂ ਕਾਨੂੰਗੋ ਸਰਕਲ ਦੇ ਪਿੰਡਾਂ ਨੂੰ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਵਿਚ ਸ਼ਾਮਿਲ ਕਰ ਦਿੱਤਾ ਗਿਆ, ਜਦੋਂ ਕਿ ਇਹ ਪਿੰਡ ਜ਼ਿਲ੍ਹਾ ਮੋਹਾਲੀ ਵਿਚ ਹੁੰਦੇ ਹੋਏ ਵਿਧਾਨ ਸਭਾ ਹਲਕਾ ਖਰੜ ਵਿਚ ਰਹਿਣਾ ਚਾਹੀਦਾ ਸੀ, ਪਰ ਕੁਝ ਰਾਜਨੀਤਿਕ ਆਗੂਆਂ ਦੇ ਦਬਾਅ ਕਾਰਨ ਘੜੂੰਆਂ ਕਾਨੂੰਗੋ ਸਰਕਲ ਦੇ ਪਿੰਡਾਂ ਨੂੰ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਵਿਚ ਸ਼ਾਮਿਲ ਕਰਵਾ ਦਿੱਤਾ ਗਿਆ ਸੀ, ਜਿਸਦਾ ਸੰਤਾਪ 35 ਪਿੰਡਾਂ ਦੇ ਲੋਕ ਹਾਲੇ ਤੱਕ ਹੰਢਾ ਰਹੇ ਹਨ। ਉਨ੍ਹਾਂ ਕਿਹਾ ਕਿ ਹੋਰ ਜ਼ਿਲੇ ਵਿਚ ਸ਼ਾਮਿਲ ਕਰਨ 'ਤੇ ਲੋਕਾਂ ਨੂੰ ਇਕ ਵਾਰ ਫਿਰ ਤੋਂ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ, ਜਿਸਦੀ ਸਿੱਧੀ ਤੌਰ 'ਤੇ ਜ਼ਿੰਮੇਵਾਰ ਸੂਬਾ ਸਰਕਾਰ ਹੋਵੇਗੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

**23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।**

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net


# ਭਾਜਪਾ ਦੀਆਂ ਨਜ਼ਰਾਂ 2027 'ਚ ਮੁੱਖ ਮੰਤਰੀ ਅਹੁਦੇ 'ਤੇ, ਅਕਾਲੀ ਦਲ ਕੇਂਦਰ 'ਚ 2 ਅਹਿਮ ਮੰਤਰਾਲਿਆਂ ਦਾ ਚਾਹਵਾਨ

**ਨਵੀਂ ਦਿੱਲੀ/ਜਲੰਧਰ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਲੋਕ ਸਭਾ ਚੋਣਾਂ ਨੂੰ ਲੈ ਕੇ ਅਕਾਲੀ ਦਲ ਅਤੇ ਭਾਜਪਾ ਦੇ ਗਠਜੋੜ ਨੂੰ ਲੈ ਕੇ ਚਰਚਾ ਜਿੱਥੇ ਜ਼ੋਰਾਂ 'ਤੇ ਚੱਲ ਰਹੀ ਹੈ, ਉਥੇ ਹੀ ਦੂਜੇ ਪਾਸੇ ਪੰਜਾਬ ਭਾਜਪਾ ਦੀਆਂ ਨਜ਼ਰਾਂ ਇਸ ਸੰਭਾਵੀ ਗਠਜੋੜ ਦੇ ਬਾਵਜੂਦ 2027 'ਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਆਮ ਚੋਣਾਂ ਤੋਂ ਬਾਅਦ ਸੀ. ਐੱਮ. ਅਹੁਦੇ 'ਤੇ ਟਿਕੀਆਂ ਹੋਈਆਂ ਹਨ। ਭਾਜਪਾ ਦੇ ਸੀਨੀਅਰ ਆਗੂ ਇਸ ਗੱਲ ਨੂੰ ਮੰਨ ਰਹੇ ਹਨ ਕਿ ਪਿਛਲੇ ਕੁਝ ਸਮੇਂ ਦੌਰਾਨ ਜਿਸ ਤਰ੍ਹਾਂ ਭਾਜਪਾ ਨੇ ਸ਼ਹਿਰੀ, ਅਰਧ-ਸ਼ਹਿਰੀ ਅਤੇ ਪੇਂਡੂ ਇਲਾਕਿਆਂ 'ਚ ਆਪਣਾ ਲੋਕ ਫਤਵਾ ਮਜ਼ਬੂਤ ਕੀਤਾ ਹੈ, ਉਸ ਨੂੰ ਵੇਖਦਿਆਂ ਉਸ ਦੀ ਦਾਅਵੇਦਾਰੀ 2027 'ਚ ਮੁੱਖ ਮੰਤਰੀ ਅਹੁਦੇ ਲਈ ਹੋਵੇਗੀ। ਇਸ ਲਈ ਲੋਕ ਸਭਾ ਚੋਣਾਂ 'ਚ ਵੀ ਅਕਾਲੀ ਦਲ ਨਾਲ ਗਠਜੋੜ ਨੂੰ ਲੈ ਕੇ ਭਾਜਪਾ ਪੰਜਾਬ ਅਤੇ ਚੰਡੀਗੜ੍ਹ ਦੀਆਂ ਕੁੱਲ 14 ਸੀਟਾਂ 'ਚੋਂ 7 ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕਰਨ 'ਤੇ ਅੜੀ ਹੋਈ ਹੈ। ਭਾਜਪਾ ਸੂਤਰਾਂ ਦੀ ਜੇਕਰ ਮੰਨੀਏ ਤਾਂ ਪਾਰਟੀ 'ਚ ਜਿਸ ਤਰ੍ਹਾਂ ਨਾਲ ਦਿੱਗਜ ਨੇਤਾ ਕੈਪਟਨ ਅਮਰਿੰਦਰ ਸਿੰਘ, ਸੁਨੀਲ ਜਾਖੜ ਅਤੇ ਹੋਰ ਹਨ ਤਾਂ ਉਸ ਹਾਲ 'ਚ ਪਾਰਟੀ ਸੀ. ਐੱਮ. ਅਹੁਦੇ 'ਤੇ ਆਪਣਾ ਦਾਅਵਾ 2027 'ਚ ਜ਼ਰੂਰ ਪੇਸ਼ ਕਰੇਗੀ। ਭਾਜਪਾ ਆਗੂਆਂ ਦਾ ਇਹ ਵੀ ਮੰਨਣਾ ਹੈ ਕਿ ਪਿਛਲੇ ਕੁਝ ਸਮੇਂ ਦੌਰਾਨ ਅਕਾਲੀ ਦਲ ਦੀ ਸਥਿਤੀ ਓਨੀ ਮਜ਼ਬੂਤ ਨਹੀਂ ਰਹੀ, ਜਿੰਨੀ ਪਹਿਲਾਂ ਹੁੰਦੀ ਸੀ। ਅਜਿਹੇ 'ਚ ਭਾਜਪਾ ਪੰਜਾਬ 'ਚ ਅਹਿਮ ਭੂਮਿਕਾ ਨਿਭਾਉਣ ਦੀ ਰਣਨੀਤੀ ਬਣਾਉਣ 'ਚ ਲੱਗੀ ਹੋਈ ਹੈ। ਦੂਜੇ ਪਾਸੇ ਇਸ ਸਮੇਂ ਅਕਾਲੀ ਦਲ ਲਈ ਬੇਵਸੀ ਦਾ ਵਿਸ਼ਾ ਇਹ ਹੈ ਕਿ ਇਸ ਕੋਲ ਹੁਣ ਭਾਜਪਾ ਨਾਲ ਹੱਥ ਮਿਲਾਉਣ ਤੋਂ ਇਲਾਵਾ ਕੋਈ ਹੋਰ ਚਾਰਾ ਨਹੀਂ ਹੈ। ਜੇਕਰ ਅਕਾਲੀ ਦਲ ਲੋਕ ਸਭਾ ਚੋਣਾਂ 'ਚ ਵੀ ਹਾਰਦਾ ਹੈ ਤਾਂ ਉਸ ਲਈ ਬਹੁਤ ਔਖੇ ਹਾਲਾਤ ਪੈਦਾ ਹੋ ਜਾਣਗੇ। ਅਕਾਲੀ ਲੀਡਰਸ਼ਿਪ ਇਸ ਵਾਰ ਕਿਸੇ ਵੀ ਤਰੀਕੇ ਨਾਲ ਲੋਕ ਸਭਾ ਚੋਣਾਂ ਭਾਜਪਾ ਦੇ ਸਹਾਰੇ ਜਿੱਤਣਾ ਚਾਹੁੰਦੀ ਹੈ। ਦੂਜੇ ਪਾਸੇ ਪੰਜਾਬ 'ਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੀ ਸੀਨੀਅਰ ਅਕਾਲੀ ਆਗੂਆਂ 'ਤੇ ਆਉਣ ਵਾਲੇ ਦਿਨਾਂ 'ਚ ਹੱਥ ਪਾ ਸਕਦੀ ਹੈ। ਅਜਿਹੇ ਹਾਲਾਤ 'ਚ ਵੀ ਅਕਾਲੀ ਦਲ ਕੇਂਦਰ 'ਚ ਭਾਜਪਾ ਦੇ ਨਾਲ ਚੱਲਣਾ ਚਾਹੁੰਦਾ ਹੈ। ਅਕਾਲੀ ਦਲ ਨੂੰ ਇਹ ਲੱਗਦਾ ਹੈ ਕਿ ਕੇਂਦਰ 'ਚ ਭਾਜਪਾ ਦੀ ਸਰਕਾਰ ਬਣੇਗੀ ਅਤੇ ਕੱਲ੍ਹ ਨੂੰ ਉਹ ਭਾਜਪਾ ਲੀਡਰਸ਼ਿਪ ਰਾਹੀਂ ਪੰਜਾਬ ਸਰਕਾਰ 'ਤੇ ਵੀ ਦਬਾਅ ਬਣਾ ਸਕਦੀ ਹੈ। ਅਕਾਲੀ ਆਗੂਆਂ ਦਾ ਕਹਿਣਾ ਹੈ ਕਿ ਵਾਜਪਾਈ ਸਰਕਾਰ ਸਮੇਂ ਕੇਂਦਰ 'ਚ ਉਨ੍ਹਾਂ ਕੋਲ ਅਹਿਮ ਮੰਤਰਾਲੇ ਸਨ। ਹੁਣ ਵੀ ਚੋਣਾਂ ਤੋਂ ਬਾਅਦ ਉਹ ਕੇਂਦਰ ਦੀ ਮੋਦੀ ਸਰਕਾਰ 'ਚ ਅਹਿਮ ਮੰਤਰਾਲਾ ਚਾਹੁੰਦਾ ਹੈ। ਇਸ 'ਚ ਇਕ ਮੰਤਰਾਲਾ ਹਰਸਿਮਰਤ ਬਾਦਲ ਨੂੰ ਮਿਲ ਸਕਦਾ ਹੈ ਅਤੇ ਦੂਜਾ ਮੰਤਰਾਲਾ ਢੀਂਡਸਾ ਗਰੁੱਪ ਨੂੰ ਵੀ ਜਾ ਸਕਦਾ ਹੈ।



ਭਾਜਪਾ ਅਤੇ ਅਕਾਲੀ ਦਲ ਦੇ ਸੰਭਾਵੀ ਚੋਣਾਵੀ ਗਠਜੋੜ ਨੂੰ ਲੈ ਕੇ ਸਮੁੱਚੀ ਤਸਵੀਰ 14 ਅਤੇ 15 ਮਾਰਚ ਤੱਕ ਸਪੱਸ਼ਟ ਹੋਣ ਦੀ ਸੰਭਾਵਨਾ ਹੈ। ਭਾਜਪਾ ਦੀ ਕੇਂਦਰੀ ਲੀਡਰਸ਼ਿਪ ਇਸ ਸਮੇਂ ਗਠਜੋੜ ਨੂੰ ਲੈ ਕੇ ਅਕਾਲੀ ਦਲ ਦੇ ਸੰਪਰਕ 'ਚ ਹੈ। ਭਾਜਪਾ ਆਗੂਆਂ ਦਾ ਕਹਿਣਾ ਹੈ ਕਿ ਫਿਲਹਾਲ ਸੂਬਾ ਭਾਜਪਾ ਇਕਾਈ ਨੂੰ ਆਪਣੀਆਂ ਚੋਣ ਤਿਆਰੀਆਂ ਕਰਨ ਲਈ ਕਿਹਾ ਗਿਆ ਹੈ। ਭਾਜਪਾ ਦੀ ਕੇਂਦਰੀ ਲੀਡਰਸ਼ਿਪ ਅਕਾਲੀ ਦਲ ਨਾਲ ਚੋਣ ਗੱਠਜੋੜ ਜਾਂ 14 ਜਾਂ 15 ਤੱਕ ਸੀਟਾਂ ਦੇ ਤਾਲਮੇਲ ਲਈ ਗੱਲਬਾਤ ਨੂੰ ਖਤਮ ਕਰਨਾ ਚਾਹੁੰਦੀ ਹੈ। ਭਾਜਪਾ ਨੇਤਾਵਾਂ ਦਾ ਮੰਨਣਾ ਹੈ ਕਿ ਕੇਂਦਰੀ ਚੋਣ ਕਮਿਸ਼ਨ 16 ਮਾਰਚ ਨੂੰ ਜਾਂ ਇਸ ਤੋਂ ਪਹਿਲਾਂ ਲੋਕ ਸਭਾ ਦੀਆਂ ਆਮ ਚੋਣਾਂ ਦਾ ਐਲਾਨ ਵੀ ਕਰ ਦੇਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV


24 SERVICE EVERYDAY HOURS

PURE AND NATURAL 100% VEGETARIAN PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਸਤਿਨਾਮੁ ਵਾਹਿਗੁਰੂ



ਨਾਨਕਸ਼ਾਹੀ ਸੰਮਤ ੫੫੬ 1 ਚੇਤ Chet

Nanakshahi Sammat 556 14.3.2024

www.damdamitaksal.net

ਚੇਤ ਸੰਗਰਾਂਦ 14 ਮਾਰਚ ਸਿੱਖ ਨਵੇਂ ਸਾਲ ਦੀਆਂ ਵਧਾਈਆਂ ਜੀ

Chet Sangrand 14 March Sikh New Year diyan Vadaiyan Ji

www.damdamitaksal.net


KATHA PROGRAMME
ਆਵਾਜ਼ਿ ਕੌਮ
AWAZE QAUM
International Newspaper & WEB TV
4-10 MAR
7:30-8:15 PM
ਸੰਤ ਬਾਬਾ ਬੇਅੰਤ ਸਿੰਘ ਜੀ
ਬੇਰ ਕਲਾਂ ਵਾਲੇ
NANAKSAR THATH ISHER DARBAR
WOLVERHAMPTON


ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮੁਕਤਾ ਕੰਨਾ ਸਿਹਾਰੀ ਬਿਹਾਰੀ
ਔਂਕੜ ਦੁਲੈਂਕੜ ਲਾਂ ਦੁਲਾਵਾਂ
ਹੋੜਾ ਕਨੌੜਾ ਟਿੱਪੀ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




### INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8

### EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

### AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

### MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH



ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ॥ ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ॥
ਨਾਨਕਸ਼ਾਹੀ ਸੰਮਤ ੫੫੬ ਦੇ ਆਗਮਨ ਦੀ ਖੁਸ਼ੀ ਵਿੱਚ
ਸਿੱਖ ਨਵਾਂ ਸਾਲ
ਚੇਤ ਦੀ ਸੰਗਰਾਂਦ
ਬੁੱਧਵਾਰ 13 ਮਾਰਚ 2024
ਗੁਰਦੁਆਰਾ ਨਾਨਕਸਰ ਸਾਹਿਬ, ਪਿੰਡ ਮੱਤਾ (ਫਰੀਦਕੋਟ)
ਸਮਾਂ: ਰਾਤ 7 ਵਜੇ ਤੋਂ 11 ਵਜੇ
ਸੰਤ ਬਾਬਾ ਮਨਵੀਰ ਸਿੰਘ ਜੀ
ਨਾਨਕਸਰ ਵਾਲ਼ੇ
ਭਾਈ ਸਿਮਰਜੀਤ ਸਿੰਘ ਜੀ ਪਰਵਾਨਾ
ਕਵੀਸ਼ਰੀ ਜਥਾ
ਗਿਆਨੀ ਗੁਰਜੀਤ ਸਿੰਘ ਜੀ
ਪਟਿਆਲਾ
ਗਿਆਨੀ ਅਵਤਾਰ ਸਿੰਘ ਜੀ
ਸ੍ਰੀ ਅੰਮ੍ਰਿਤਸਰ ਸਾਹਿਬ
ਭਾਈ ਗੁਰਤੇਜ ਸਿੰਘ ਜੀ
ਬਠਿੰਡਾ
ਗਿਆਨੀ ਜਗਸੀਰ ਸਿੰਘ ਜੀ
ਗਿਆਨੀ ਸਤਨਾਮ ਸਿੰਘ ਜੀ
ਸਟੇਜ ਸੈਕਟਰੀ
LIVE ON
ਭੁੱਲਰ TV
Facebook
YouTube
ਗੁਰੂ ਕਾ ਲੰਗਰ
ਅਤੁੱਟ ਵਰਤੇਗਾ
ਆਪ ਜੀ ਨੇ ਪਰਿਵਾਰ ਸਮੇਤ ਹਾਜਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।
ਗੁਰਮਤਿ ਸਮਾਗਮ ਵਿੱਚ ਹਾਜਰੀ ਭਰਨ ਵਾਲੇ ਅਤੇ ਪਿੰਡ ਦੇ ਸਾਰੇ ਕੇਸਾਧਾਰੀ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।
ਵੱਲੋਂ: ਸਮੂਹ ਸਾਧ ਸੰਗਤ ਪਿੰਡ ਮੱਤਾ (ਫਰੀਦਕੋਟ)
ਸੰਪਰਕ ਨੰ. ਗੁਰਪ੍ਰੀਤ ਸਿੰਘ- 91547 00084, ਜਸਬੀਰ ਸਿੰਘ-94176 10208




ਨਾਨਕਸ਼ਾਹੀ ਸੰਮਤ ੫੫੬ ਦੇ ਆਗਮਨ ਦੀ ਖੁਸ਼ੀ ਵਿੱਚ
ਸੁੰਦਰ ਦਸਤਾਰ ਮੁਕਾਬਲੇ
ਪਾਲ ਇੰਟਰਨੈਸ਼ਨਲ ਐਜੂਕੇਸ਼ਨਲ ਕਾਲਜ ਦੇ ਸਹਿਯੋਗ ਨਾਲ
ਮਿਤੀ 13 ਮਾਰਚ 2024 ਦਿਨ ਬੁੱਧਵਾਰ
ਗੁਰਦੁਆਰਾ ਨਾਨਕਸਰ ਸਾਹਿਬ, ਪਿੰਡ ਮੱਤਾ (ਫਰੀਦਕੋਟ)
ਸਮਾਂ: ਦੁਪਿਹਰ 12:00 ਵਜੇ
ਜੇਤੂ ਬੱਚਿਆ ਨੂੰ ਨਗਦ ਇਨਾਮ+ਦਸਤਾਰ+ਟਰਾਫੀ ਦਿੱਤੀ ਜਾਵੇਗੀ।
ਨੋਟ:
ਇਸ ਮੁਕਾਬਲੇ ਵਿੱਚ ਪ੍ਰੋਫੈਸ਼ਨਲ ਕੋਚ ਭਾਗ ਨਹੀਂ ਲੈ ਸਕਦਾ।
LIVE ON
ਭੁੱਲਰ TV
Facebook
YouTube
ਸ਼ਰਤਾਂ:-
01. ਪ੍ਰਤੀਯੋਗੀ ਆਪਣੀ ਦਸਤਾਰ, ਸ਼ੀਸ਼ਾ, ਬਾਜ਼, ਪੱਗ ਪਿੰਨ ਸਾਰਾ ਸਮਾਨ ਨਾਲ ਲੈ ਕੇ ਆਵੇਗਾ।
02. ਦਸਤਾਰ ਮੁਕਾਬਲੇ ਵਿੱਚ ਤਿੰਨ ਜੇਤੂ ਪੁਜੀਸ਼ਨਾਂ ਹੋਣਗੀਆਂ।
03. ਇਸ ਮੁਕਾਬਲੇ ਵਿੱਚ ਹਰੇਕ ਉਮਰ ਦਾ ਵਿਅਕਤੀ ਭਾਗ ਲੈ ਸਕਦਾ ਹੈ।
04. ਸੰਖੇਪ ਇਤਿਹਾਸ ਬਾਰੇ ਜਾਣਕਾਰੀ ਹੋਣਾ ਲਾਜ਼ਮੀ ਹੈ।
05. ਜੱਜ ਦਾ ਫੈਸਲਾ ਅਟੱਲ ਹੋਵੇਗਾ।
ਸੰਪਰਕ - ਅਵਤਾਰ ਸਿੰਘ 94640-10033, ਗੁਰਸੇਵਕ ਸਿੰਘ 95921-32999, ਹਰਿੰਦਰ ਸਿੰਘ (ਦਸਤਾਰ ਕੋਚ) 98884-02583, ਜਗਸੀਰ ਸਿੰਘ 94171-01193
PAUL INTERNATIONAL EDUCATIONAL COLLEGE
Nanny, Personal Support Worker, PR, Visitor Visa, Work Visa | Contact : +91 81469-62394

### ਜਥੇਦਾਰ ਕਾਉਂਕੇ ਅਤੇ ਨਕੋਦਰ ਕਾਂਡ ਦੀਆਂ ਜਾਂਚ ਰਿਪੋਰਟਾਂ ਦਬਾਉਣ ਵਾਲਿਆਂ ਨੂੰ

# ਅਕਾਲ ਤਖ਼ਤ ਸਾਹਿਬ ਤੇ ਤਲਬ ਕਰਨਾ ਚਾਹੀਦਾ ਹੈ : ਪੰਥਕ ਧਿਰਾਂ



**ਚੰਡੀਗੜ੍ਹ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ , ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ , ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਸੀਨੀਅਰ ਆਗੂ ਭਾਈ ਮੋਹਕਮ ਸਿੰਘ, ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਅਤੇ ਸ ਸ ਸਤਨਾਮ ਸਿੰਘ ਮਨਾਵਾਂ ਨੇ ਇੱਕ ਸਾਂਝੇ ਬਿਆਨ ਰਾਹੀਂ ਦੋਸ਼ ਲਾਉਂਦਿਆਂ ਕਿਹਾ ਕਿ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਕਤਲ ਦੇ ਦੋਸ਼ੀਆਂ ਵਾਂਗ ਨਕੋਦਰ ਕਾਂਡ ਦੇ ਦੋਸ਼ੀਆਂ ਦੀ ਵੀ ਬਾਦਲ ਪੁਸ਼ਤਪਨਾਹੀ ਕਰਦੇ ਰਹੇ ਹਨ। ਅੱਜ ਅੰਮ੍ਰਿਤਸਰ ਵਿਖੇ ਪੰਥਕ ਆਗੂਆਂ ਦੀ ਹੋਈ ਇੱਕ ਮੀਟਿੰਗ ਤੋਂ ਬਾਅਦ ਉਕਤ ਆਗੂਆਂ ਨੇ ਕਿਹਾ ਕਿ ਇਹਨਾਂ ਕਰਕੇ ਅੱਜ ਤੱਕ ਪੀੜਤ ਪਰਵਾਰਾਂ ਨੂੰ ਇਨਸਾਫ਼ ਨਹੀਂ ਮਿਲਿਆ। ਉਹ ਇਨਸਾਫ਼ ਲਈ ਅੱਜ ਵੀ ਦਰ ਦਰ ਭਟਕ ਰਹੇ ਹਨ ।ਜਥੇਦਾਰ ਕਾਉਂਕੇ ਦੀਆਂ ਜਾਂਚ ਰਿਪੋਰਟਾਂ ਵਾਂਗ ਬਾਦਲਾਂ ਨੇ ਨਕੋਦਰ ਕਾਂਡ ਦੀਆਂ ਰਿਪੋਰਟਾਂ ਆਪਣੀਆਂ ਤਿੰਨ ਸਰਕਾਰਾਂ ਵਿੱਚ ਦਬਾਈ ਰੱਖੀਆਂ। ਉਹਨਾਂ ਕਿਹਾ ਦੋ ਫਰਵਰੀ 1986 ਨੂੰ ਨਕੋਦਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੇ ਰੋਸ ਵਜੋਂ ਨਕੋਦਰ ਵਿਖੇ ਸ਼ਾਂਤਮਈ ਧਰਨਾ ਦੇ ਰਹੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਚਾਰ ਸਿੱਖ ਨੌਜਵਾਨਾਂ ਨੂੰ ਉਸ ਸਮੇਂ ਜਲੰਧਰ ਜ਼ਿਲ੍ਹੇ ਦੇ ਪੁਲਿਸ ਮੁਖੀ ਇਜਹਾਰ ਆਲਮ ਨੇ ਇਹਨਾਂ ਚਾਰ ਨੌਜਵਾਨਾਂ ਨੂੰ ਸਭ ਲੋਕਾਂ ਦੇ ਸਾਹਮਣੇ ਸ਼ਰੇਆਮ ਮੂੰਹ ਵਿੱਚ ਗੋਲੀਆਂ ਮਾਰਕੇ ਸ਼ਹੀਦ ਕਰ ਦਿੱਤਾ ਸੀ। ਉਸ ਸਮੇਂ ਗੋਲੀ ਚਲਾਉਣ ਦੇ ਆਰਡਰ ਸ ਦਰਬਾਰਾ ਸਿੰਘ ਗੁਰੂ ਨੇ ਦਿੱਤੇ ਸਨ । ਬਾਅਦ ਵਿਚ ਨਕੋਦਰ ਕਾਂਡ ਦੇ ਇਹਨਾਂ ਦੋਵਾਂ ਦੋਸ਼ੀਆਂ ਨੂੰ ਸ ਪ੍ਰਕਾਸ਼ ਸਿੰਘ ਬਾਦਲ ਤੇ ਸ ਸੁਖਦੇਵ ਸਿੰਘ ਢੀਂਡਸਾ ਨੇ ਆਪਣੀ ਸਰਕਾਰ ਵਿੱਚ ਇਜਹਾਰ ਆਲਮ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਸੀਨੀਅਰ ਮੀਤ ਪ੍ਰਧਾਨ ਬਣਾਇਆ ਉਸਦੀ ਘਰਵਾਲੀ ਨੂੰ ਵਿਧਾਇਕ ਤੇ ਸੰਸਦੀ ਸਕੱਤਰ ਬਣਾਇਆ। ਇਸੇ ਤਰ੍ਹਾਂ ਸ ਦਰਬਾਰਾ ਸਿੰਘ ਗੁਰੂ ਨੂੰ ਸ ਪ੍ਰਕਾਸ਼ ਸਿੰਘ ਬਾਦਲ ਨੇ ਆਪਣੀ ਅਕਾਲੀ ਸਰਕਾਰ ਵਿੱਚ ਆਪਣਾ ਪ੍ਰਿੰਸੀਪਲ ਸੈਕਟਰੀ ਲਾਇਆ। ਉਹਨਾਂ ਕਿਹਾ ਜਿਹਨਾਂ ਨੇ ਦੋਸ਼ੀਆਂ ਨੂੰ ਸਜ਼ਾਵਾਂ ਦੇਣੀਆਂ ਸਨ ਉਹਨਾਂ ਨੇ ਦੋਸ਼ੀਆਂ ਨੂੰ ਇਕੱਲਾ ਆਪਣੀ ਬੁੱਕਲ ਵਿੱਚ ਲੁਕੋਇਆ ਹੀ ਨਹੀਂ ਸਗੋਂ ਇਹਨਾਂ ਦੋਸ਼ੀਆਂ ਨੂੰ ਵੱਡੇ ਤੋਂ ਵੱਡੇ ਅਹੁਦਿਆਂ ਨਾਲ਼ ਨਿਵਾਜਦੇ ਰਹੇ ਤੇ ਪੀੜਤ ਪਰਵਾਰਾਂ ਤੇ ਜ਼ਖਮਾਂ ਤੇ ਲੂਣ ਛਿੜਕ ਦੇ ਰਹੇ। ਸੋ ਪ੍ਰਕਾਸ਼ ਸਿੰਘ ਬਾਦਲ ਸਤਾ ਤੋਂ ਪਹਿਲਾਂ ਇਹ ਐਲਾਨ ਕਰਦੇ ਰਹੇ ਕਿ ਉਹ ਸਤਾ ਵਿੱਚ ਆਉਣ ਤੇ ਜਿਹਨਾਂ ਲੋਕਾਂ ਨੇ ਸਿੱਖ ਨੌਜਵਾਨੀ ਦਾ ਘਾਣ ਕੀਤਾ ਹੈ ਉਹਨਾਂ ਵਿਰੁੱਧ ਜਾਂਚ ਕਰਵਾਕੇ ਦੋਸ਼ੀਆਂ ਵਿਰੁੱਧ ਮੁਕੱਦਮੇ ਦਰਜ਼ ਕਰਵਾ ਕੇ ਉਹਨਾਂ ਨੂੰ ਸਖ਼ਤ ਸਜ਼ਾਵਾਂ ਦਿਵਾਉਣਗੇ। ਪਰ ਉਹ ਉਲਟਾ ਦੋਸ਼ੀਆਂ ਤੇ ਕਾਤਲਾਂ ਨਾਲ ਰਲ਼ ਗਏ ।ਅੱਜ ਇਹੋ ਕਾਰਨ ਹੈ ਕਿ ਬਾਦਲਾਂ ਨੇ ਕੌਮ ਨੂੰ ਇਨਸਾਫ਼ ਨਹੀਂ ਦਿੱਤਾ ਤੇ ਉਲਟਾ ਦੋਸ਼ੀਆਂ ਦੀ ਹਮਾਇਤ ਵਿੱਚ ਖਲੋ ਗਏ। ਇਹੋ ਕਾਰਨ ਹੈ ਕਿ ਅੱਜ ਸਿੱਖ ਕੌਮ ਤੇ ਪੰਜਾਬੀਆਂ ਨੇ ਬਾਦਲਾਂ ਨੂੰ ਨਿਕਾਰ ਕੇ ਘਰ ਬਿਠਾ ਦਿੱਤਾ ਹੈ। ਬਿਆਨ ਦੇ ਅਖੀਰ ਵਿੱਚ ਪੰਥਕ ਆਗੂਆਂ ਨੇ ਜਥੇਦਾਰ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਹੈ ਜਥੇਦਾਰ ਕਾਉਂਕੇ ਤੇ ਨਕੋਦਰ ਕਾਂਡ ਦੀਆਂ ਜਾਂਚ ਰਿਪੋਰਟਾਂ ਦਬਾਉਣ ਵਾਲਿਆਂ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਨਾ ਚਾਹੀਦਾ ਹੈ। ਅੱਜ ਦੀ ਮੀਟਿੰਗ ਵਿੱਚ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ,ਡਾਕਟਰ ਲਖਵਿੰਦਰ ਸਿੰਘ ਢਿੰਗਨੰਗਲ , ਹੈਡਮਾਸਟਰ ਪਲਵਿੰਦਰ ਸਿੰਘ , ਪਲਵਿੰਦਰ ਸਿੰਘ ਪੰਨੂ , ਸੁਖਜਿੰਦਰ ਸਿੰਘ ਬਿੱਟੂ ਮਜੀਠੀਆ ,ਵਿਕਰਮ ਗੁਲਜ਼ਾਰ ਸਿੰਘ ਖੋਜਕੀਪੁਰ ਆਦਿ ਆਗੂ ਹਾਜਰ ਸਨ।

### ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਹਜ਼ਾਰਾਂ ਔਰਤਾਂ ਨੇ ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਭਾਰੀ ਹਾਜ਼ਰੀ ਅਤੇ ਸੰਭਾਲਿਆ ਮੋਰਚਾ

# ਖੱਟਰ ਅਤੇ ਮੋਦੀ ਨੂੰ ਦੇਸ਼ ਦੇ ਕਿਸਾਨਾਂ 'ਤੇ ਜ਼ੁਲਮ ਕਰਨ ਵਿਰੁੱਧ ਦਿੱਤੀ ਚੇਤਾਵਨੀ



**ਚੰਡੀਗੜ੍ਹ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼ੰਭੂ ਅਤੇ ਖਿਨੌਰੀ ਸਰਹੱਦਾਂ 'ਤੇ ਚੱਲ ਰਹੇ ਕਿਸਾਨ ਅੰਦੋਲਨ 2.0 ਨੂੰ 25 ਦਿਨ ਹੋ ਗਏ ਹਨ ਅਤੇ ਅੱਜ ਦੋਵਾਂ ਸਰਹੱਦਾਂ 'ਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ।ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਮਹਿਲਾ ਕਿਸਾਨ ਆਗੂ ਸੁਖਵਿੰਦਰ ਕੌਰ, ਸਮਿਤਾ ਕੌਰ ਮਾਂਗਟ, ਗੁਰਪ੍ਰੀਤ ਕੌਰ ਬਰਾੜ, ਸੁਖਦੇਵ ਕੌਰ ਕਾਲਾਨੰਗਲ, ਦੀਪ ਸੰਧੂ ਨੇ ਦੱਸਿਆ ਕਿ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਅਤੇ ਹਰਿਆਣਾ ਤੋਂ ਹਜ਼ਾਰਾਂ ਦੀ ਗਿਣਤੀ 'ਚ ਮਹਿਲਾ ਕਿਸਾਨਾਂ ਨੇ ਬਾਰਡਰ 'ਤੇ ਸ਼ਿਰਕਤ ਕੀਤੀ, ਮਹਿਲਾ ਕਿਸਾਨ ਆਗੂਆਂ ਨੇ ਆਪਣੇ ਹੱਕਾਂ ਅਤੇ ਫਸਲਾਂ ਦੇ ਪੂਰੇ ਭਾਅ ਦੀ ਮੰਗ ਨੂੰ ਲੈ ਕੇ ਸਰਹੱਦਾਂ 'ਤੇ ਆਉਣ ਵਾਲੀਆਂ ਸਾਰੀਆਂ ਔਰਤਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਕਿਸਾਨ ਕਮੇਰਾ ਕੌਮ ਨੇ ਕਦੀ ਵੀ ਕੁਰਬਾਨੀਆਂ ਕਰਨ ਤੋਂ ਗੁਰੇਜ਼ ਨਹੀਂ ਕੀਤਾ ਹੈ। ਮਾਤਾ ਗੁਜਰੀ, ਛੋਟੇ ਸ਼ਾਹਿਬਜ਼ਾਦੇ, ਰਾਣੀ ਲਕਸ਼ਮੀਬਾਈ ਦੀਆਂ ਕੁਰਬਾਨੀਆਂ ਸਾਬਤ ਕਰਦੀਆਂ ਹਨ ਕਿ ਦੇਸ਼ ਲਈ ਨਾਰੀ ਸ਼ਕਤੀ ਹਮੇਸ਼ਾ ਅੱਗੇ ਆਈ ਹੈ।

ਭਾਜਪਾ ਸਰਕਾਰ ਵੱਲੋਂ ਸਰਹੱਦਾਂ 'ਤੇ ਕਿਸਾਨਾਂ 'ਤੇ ਢਾਹਿਆ ਜਾ ਰਿਹਾ ਜ਼ੁਲਮ, ਅੱਥਰੂ ਗੈਸ ਦੇ ਗੋਲੇ, ਪੰਜਾਬ ਦੀਆਂ ਸਰਹੱਦਾਂ 'ਤੇ ਡਰੋਨਾਂ ਰਾਹੀਂ ਗੋਲਾਬਾਰੀ ਅਤੇ ਕਿਸਾਨਾਂ 'ਤੇ ਸਿੱਧੀ ਗੋਲੀਬਾਰੀ ਲੋਕਤੰਤਰ ਦਾ ਸਿੱਧਾ ਕਤਲ ਹੈ। ਮੋਦੀ ਅਤੇ ਖੱਟਰ ਨੂੰ ਚੇਤਾਵਨੀ ਦਿੰਦੇ ਹੋਏ ਉਨਾ ਕਿਹਾ ਕਿ ਉਹ ਕਿਸਾਨਾਂ ਅਤੇ ਮਹਿਲਾ ਕਿਸਾਨਾਂ ਨੂੰ ਕਮਜ਼ੋਰ ਨਾ ਸਮਝਣ, ਕਿਸਾਨ ਕੁਰਬਾਨੀਆਂ ਕਰਨ ਤੋਂ ਡਰਦੇ ਨਹੀਂ। ਹਰੀ ਕ੍ਰਾਂਤੀ ਹੋਵੇ ਜਾਂ ਚਿੱਟੀ ਕ੍ਰਾਂਤੀ, ਦੇਸ਼ ਦੇ ਵਿਕਾਸ ਵਿੱਚ ਮਹਿਲਾ ਕਿਸਾਨਾਂ ਨੇ ਵਿਸ਼ੇਸ਼ ਯੋਗਦਾਨ ਪਾਇਆ ਹੈ। ਸਲਾਨਾ ਪੀਰੀਅਡਿਕ ਲੇਬਰ ਫੋਰਸ ਸਰਵੇ 2021-2022 ਦਾ ਹਵਾਲਾ ਦਿੰਦੇ ਹੋਏ, ਇਹ ਕਿਹਾ ਗਿਆ ਕਿ ਭਾਰਤ ਵਿੱਚ 62.9% ਕੰਮਕਾਜੀ ਔਰਤਾਂ ਖੇਤੀ ਅਤੇ ਖੇਤੀਬਾੜੀ ਵਿੱਚ ਕੰਮ ਕਰਦੀਆਂ ਹਨ।

> ☛ ਦੇਸ਼ ਦੇ ਵਿਕਾਸ ਵਿੱਚ ਕਿਸਾਨਾਂ, ਖਾਸ ਕਰਕੇ ਔਰਤਾਂ ਕਿਸਾਨਾਂ ਦਾ ਅਹਿਮ ਯੋਗਦਾਨ। ☛ ਦੇਸ਼ ਦੇ ਇਤਿਹਾਸ ਵਿੱਚ ਮਾਤਾ ਗੁਜਰੀ, ਛੋਟੇ ਸਾਹਿਬਜ਼ਾਦਿਆਂ ਅਤੇ ਰਾਣੀ ਲਕਸ਼ਮੀਬਾਈ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ। ☛ ਮੋਰਚੇ ਦੀ ਵਾਗਡੋਰ ਵਿੱਚ ਨਾਰੀ ਸ਼ਕਤੀ ਦਾ ਪੂਰਾ ਯੋਗਦਾਨ ਹੋਵੇਗਾ, 10 ਮਾਰਚ ਨੂੰ ਹੋਣ ਵਾਲੀ ਰੇਲ ਰੋਕੋ ਮੁਹਿੰਮ ਵਿੱਚ ਔਰਤਾਂ ਦੀ ਬਰਾਬਰ ਸ਼ਮੂਲੀਅਤ ਹੋਵੇਗੀ।

ਅਹਿਮ ਜਾਣਕਾਰੀ ਦਿੰਦਿਆਂ ਮਹਿਲਾ ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਮੋਰਚੇ ਦੀ ਵਾਗਡੋਰ 'ਚ ਮਹਿਲਾ ਕਿਸਾਨ ਅਹਿਮ ਰੋਲ ਅਦਾ ਕਰਨਗੀਆਂ ਅਤੇ 10 ਮਾਰਚ ਨੂੰ ਹੋਣ ਵਾਲੀ ਰੇਲ ਰੋਕੋ ਮੁਹਿੰਮ 'ਚ ਮਹਿਲਾ ਕਿਸਾਨ ਵੀ ਮਰਦ ਕਿਸਾਨਾਂ ਦੇ ਬਰਾਬਰ ਰੇਲ ਗੱਡੀਆਂ ਨੂੰ ਰੋਕਣਗੀਆਂ।

ਮੋਰਚੇ ਵਿੱਚ ਔਰਤਾਂ ਅਤੇ ਬੱਚਿਆਂ ਦੀ ਸ਼ਮੂਲੀਅਤ ਬਾਰੇ ਪੰਜਾਬ ਹਰਿਆਣਾ ਹਾਈ ਕੋਰਟ ਦੀ ਟਿੱਪਣੀ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਅਤੇ ਅਦਾਲਤ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸ਼ਾਂਤਮਈ ਅੰਦੋਲਨਾਂ ਵਿੱਚ ਔਰਤਾਂ ਅਤੇ ਬੱਚਿਆਂ ਦੀ ਹਮੇਸ਼ਾ ਮਰਦਾਂ ਦੇ ਨਾਲ-ਨਾਲ ਬਰਾਬਰ ਦੀ ਹਿੱਸੇਦਾਰੀ ਰਹੀ ਹੈ, ਜਿਵੇਂ ਉਹ ਖੇਤ ਵਿੱਚ ਰਹਿੰਦੀ ਹੈ।ਇਸ ਵਾਰ ਵੀ ਮਹਿਲਾ ਕਿਸਾਨ ਸ਼ਾਂਤਮਈ ਅੰਦੋਲਨ ਵਿੱਚ ਸ਼ਾਮਲ ਹਨ, ਜਿਨ੍ਹਾਂ ਤੇ ਹਰਿਆਣਾ ਪੁਲਿਸ ਅਤੇ ਕੇਂਦਰੀ ਬਲਾਂ ਨੇ ਜ਼ਾਬਰ ਕੀਤਾ ਸੀ ਅਤੇ ਉਨ੍ਹਾਂ ਨੂੰ ਛੁਪਾਉਣ ਲਈ ਹਰਿਆਣਾ ਸਰਕਾਰ ਨੇ ਅਦਾਲਤ ਵਿੱਚ ਝੂਠੇ ਤੱਥ ਪੇਸ਼ ਕੀਤੇ ਸਨ। ਇਤਿਹਾਸ ਗਵਾਹ ਹੈ ਕਿ ਦੇਸ਼ ਦੀਆਂ ਔਰਤਾਂ ਨੇ ਹਮੇਸ਼ਾ ਹੀ ਦੇਸ਼ ਦੇ ਵਿਕਾਸ ਅਤੇ ਭਲਾਈ ਵਿੱਚ ਮਰਦਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਯੋਗਦਾਨ ਪਾਇਆ ਹੈ।

ਅੱਜ ਦੇ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ ਬਲਜੀਤ ਕੌਰ ਮੱਕੂ ਅਤੇ ਸੁਖਵਿੰਦਰ ਕੌਰ ਨੇ ਮੋਰਚੇ ਤੋਂ ਸੂਬਾ ਸਕੱਤਰ ਵਜੋਂ ਆਪਣੀ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਅੰਤਰਰਾਸ਼ਟਰੀ ਮਹਿਲਾ ਪਹਿਲਵਾਨ ਸਾਕਸ਼ੀ ਮਲਿਕ, ਗੁਰਪ੍ਰੀਤ ਕੌਰ, ਦਵਿੰਦਰ ਕੌਰ ਹਰਦਾਸਪੁਰ, ਕੁਲਦੀਪ ਕੌਰ ਮੋਗਾ, ਮਨਦੀਪ ਕੌਰ ਦਸੌਲੀ, ਗੁਰਜੀਤ ਕੌਰ ਅਤੇ ਹੋਰ ਮਹਿਲਾ ਬੁਲਾਰਿਆਂ ਨੇ ਸੰਬੋਧਨ ਕੀਤਾ।

# ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਰੂਸੀ ਫ਼ੌਜ ਵਿੱਚ ਜ਼ਬਰੀ ਭਰਤੀ ਕੀਤੇ ਨੌਜਵਾਨਾਂ ਦੇ ਪਰਿਵਾਰਾਂ ਨੂੰ ਮਿਲ ਕੇ ਹਰ ਸੰਭਵ ਮਦਦ ਦਾ ਦਿੱਤਾ ਭਰੋਸਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 8 ਮਾਰਚ (ਕੁਲਜੀਤ ਸਿੰਘ ਖੋਖਰ)**-ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਡੇਹਰੀਵਾਲ ਕਿਰਨ ਅਤੇ ਅਵਾਂਖਾ ਵਿਖੇ ਪਹੁੰਚ ਕੇ ਇਥੋਂ ਦੇ ਜੋ ਨੌਜਵਾਨ ਰੂਸੀ ਫ਼ੌਜ ਵਿੱਚ ਜ਼ਬਰਦਸਤੀ ਭਰਤੀ ਕੀਤੇ ਗਏ ਹਨ, ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ ਹੈ।ਸ. ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਸਰਕਾਰ ਵੱਲੋਂ ਆਪਣੇ ਨੌਜਵਾਨਾਂ ਨੂੰ ਸੁਰੱਖਿਅਤ ਵਾਪਸ ਲਿਆਉਣ ਲਈ ਹਰ ਹੀਲਾ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਪਿੰਡ ਡੇਹਰੀਵਾਲ ਕਿਰਨ ਵਸਨੀਕ ਬਲਵਿੰਦਰ ਸਿੰਘ ਨੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੂੰ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਗਗਨਦੀਪ ਸਿੰਘ 23 ਦਸੰਬਰ 2023 ਨੂੰ ਟੂਰਸਿਟ ਵੀਜੇ 'ਤੇ ਰੂਸ ਘੁੰਮਣ ਗਿਆ ਸੀ, ਜਿਥੇ ਰੂਸ ਦੀ ਫੌਜ ਨੇ ਉਸ ਸਮੇਤ ਹੋਰ ਭਾਰਤੀ ਨੌਜਵਾਨਾਂ ਨੂੰ ਜ਼ਬਰਦਸਤੀ ਫੜ੍ਹ ਕੇ ਰੂਸੀ ਫ਼ੌਜ ਵਿੱਚ ਭਰਤੀ ਕਰਕੇ ਰੂਸ-ਯੂਕਰੇਨ ਦੀ ਜੰਗ ਵਿੱਚ ਝੋਕ ਦਿੱਤਾ ਹੈ। ਉਨ੍ਹਾਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਉਨ੍ਹਾਂ ਦੇ ਬੱਚਿਆਂ ਨੂੰ ਜਲਦ ਵਾਪਸ ਲਿਆਂਦਾ ਜਾਵੇ। ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਰੂਸ ਵਿੱਚ ਫਸੇ ਨੌਜਵਾਨਾਂ ਵਿਚੋਂ ਤਿੰਨ ਨੌਜਵਾਨ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਡੇਹਰੀਵਾਲ ਕਿਰਨ, ਅਵਾਂਖਾ ਅਤੇ ਜੰਡੇਹ ਨਾਲ ਸਬੰਧਤ ਹਨ, ਇੱਕ ਨੌਜਵਾਨ ਹੁਸ਼ਿਆਰਪੁਰ ਜ਼ਿਲ੍ਹੇ ਦਾ ਅਤੇ ਦੋ ਹਰਿਆਣੇ ਦੇ ਨੌਜਵਾਨ ਹਨ। ਉਨ੍ਹਾਂ ਕਿਹਾ ਕਿ ਇੱਕ ਨੌਜਵਾਨ ਦਾ ਅਜੇ ਪਤਾ ਲੱਗਣਾ ਬਾਕੀ ਹੈ ਜੋ ਜਲਦ ਹੀ ਪਤਾ ਲਗਾ ਲਿਆ ਜਾਵੇਗਾ। ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਹ ਮਸਲਾ ਵਿਦੇਸ਼ ਮੰਤਰਾਲੇ, ਰੂਸ ਵਿੱਚ ਭਾਰਤੀ ਰਾਜਦੂਤ ਅਤੇ ਭਾਰਤ ਵਿੱਚ ਰੂਸੀ ਸਫ਼ੀਰ ਕੋਲ ਉਠਾਇਆ ਹੈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਇਹ ਮੁੱਦਾ ਉਠਾ ਕੇ ਇਹ ਮੰਗ ਕੀਤੀ ਹੈ ਕਿ ਇਹ ਬੜਾ ਗੰਭੀਰ ਮਾਮਲਾ ਹੈ, ਜਿਸ ਨੂੰ ਜਲਦ ਹੱਲ ਕੀਤਾ ਜਾਣਾ ਬਹੁਤ ਜ਼ਰੂਰੀ ਹੈ ਕਿਉਂਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਨੌਜਵਾਨ ਪੰਜਾਬ ਨਾਲ ਸਬੰਧਤ ਹਨ, ਜੋ ਵਿਜ਼ਟਰ ਵੀਜ਼ੇ 'ਤੇ ਰੂਸ ਗਏ ਸਨ, ਪਰ ਉਨ੍ਹਾਂ ਨੂੰ ਜ਼ਬਰਨ ਰੂਸੀ ਮਿਲਟਰੀ ਵਿੱਚ ਸ਼ਾਮਲ ਕਰ ਲਿਆ ਗਿਆ। ਸ. ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਨੌਜਵਾਨਾਂ ਦੀ ਘਰ ਵਾਪਸੀ ਲਈ ਹਰ ਤਰ੍ਹਾਂ ਦੀ ਯੋਗ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਗੱਲ ਦੀ ਵੀ ਜਾਂਚ ਕੀਤੀ ਜਾਵੇਗੀ ਕਿ ਨੌਜਵਾਨਾਂ ਨੂੰ ਭੇਜਣ ਸਮੇਂ ਏਜੰਟਾਂ ਵੱਲੋਂ ਵੀਜ਼ਾ ਨਿਯਮਾਂ ਜਾਂ ਇਮੀਗ੍ਰੇਸ਼ਨ ਐਕਟ ਦੀ ਉਲੰਘਣਾ ਤਾਂ ਨਹੀਂ ਕੀਤੀ ਗਈ, ਜੇਕਰ ਕੁਝ ਗਲਤ ਪਾਇਆ ਗਿਆ ਤਾਂ ਏਜੰਟਾਂ ਵਿਰੁੱਧ ਵੀ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਬਾਅਦ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਦੀਨਾਨਗਰ ਨੇੜਲੇ ਪਿੰਡ ਅਵਾਂਖਾ ਵਿਖੇ ਨੌਜਵਾਨ ਰਵਨੀਤ ਸਿੰਘ ਦੇ ਪਿਤਾ ਸੁਖਦੇਵ ਸਿੰਘ, ਮਾਤਾ ਕੁਲਵੰਤ ਕੌਰ ਅਤੇ ਜੰਡੇਹ ਦੇ ਨੌਜਵਾਨ ਵਿਕਰਮ ਸਿੰਘ ਦੇ ਪਿਤਾ ਜਸਬੀਰ ਸਿੰਘ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਬੱਚਿਆਂ ਨੂੰ ਵਾਪਸ ਲਿਆਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਜਲਦ ਹੀ ਪੰਜਾਬ ਦੇ ਸਾਰੇ ਨੌਜਵਾਨ ਸੁਰੱਖਿਅਤ ਵਾਪਸ ਲੈ ਆਂਦੇ ਜਾਣਗੇ। ਉਨ੍ਹਾਂ ਕਿਹਾ ਕਿ ਬੀਤੇ ਦੋ ਸਾਲਾਂ ਵਿੱਚ ਜਿਨੇ ਵੀ ਪੰਜਾਬੀ ਵਿਦੇਸ਼ਾਂ ਵਿੱਚ ਫਸੇ ਸਨ ਉਨ੍ਹਾਂ ਨੂੰ ਸੁਰੱਖਿਅਤ ਵਾਪਸ ਲਿਆਉਣ ਵਿੱਚ ਪੰਜਾਬ ਸਰਕਾਰ ਕਾਮਯਾਬ ਰਹੀ ਹੈ। ਉਨ੍ਹਾਂ ਨੌਜਵਾਨਾਂ ਦੇ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਉਹ ਬਿਲਕੁਲ ਨਾ ਘਬਰਾਉਣ, ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ, ਗੁਰਦੀਪ ਸਿੰਘ ਰੰਧਾਵਾ ਡੇਰਾ ਬਾਬਾ ਨਾਨਕ ਅਤੇ ਇਲਾਕੇ ਦੇ ਹੋਰ ਵੀ ਮੋਹਤਬਰ ਹਾਜ਼ਰ ਸਨ।

# ਅਮਰਦੀਪ ਸਿੰਘ ਚੀਮਾ ਵੱਲੋਂ ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਖ਼ਰਗੇ ਨਾਲ ਮੁਲਾਕਾਤ



ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 8 ਮਾਰਚ (ਕੁਲਜੀਤ ਸਿੰਘ ਖੋਖਰ)-ਅਮਰਦੀਪ ਸਿੰਘ ਚੀਮਾ ਸਾਬਕਾ ਕੌਮੀ ਵਾਈਸ ਚੇਅਰਮੈਨ ਨਹਿਰੂ ਯੁਵਾ ਕੇਂਦਰ ਸੰਗਠਨ ਭਾਰਤ ਸਰਕਾਰ ਨੇ ਬੀਤੇ ਦਿਨ ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਕੁਲ ਹਿੰਦ ਕਾਂਗਰਸ ਕਮੇਟੀ ਪ੍ਰਧਾਨ ਮਲਿਕਾਅਰਜੁਨ ਖਰਗੇ ਨਾਲ ਦਿੱਲੀ ਰਿਹਾਇਸ਼ ਤੇ ਮੁਲਾਕਾਤ ਕਰਕੇ ਉਹਨਾਂ ਵੱਲੋਂ ਐਮ. ਐਸ.ਪੀ ( ਮਿਨੀਮਮ ਸਪੋਰਟ ਪ੍ਰਾਈਸ) ਤੇ ਫ਼ਸਲਾਂ ਦੀ ਖਰੀਦ ਦੀ ਗਾਰੰਟੀ ਦੇਣ ਦੇ ਐਲਾਨ ਲਈ ਧੰਨਵਾਦ ਕੀਤਾ, ਸਰਦਾਰ ਚੀਮਾ ਦੁਨੀਆ ਦੇ ਸਬ ਤੋਂ ਵੱਡੇ ਖੇਤੀਬਾੜੀ ਸਿਸਟਮ ਇੰਡਿਯਨ ਕਾਉਂਸਿਲ ਆਫ਼ ਐਗਰੀਕਲਚਰ ਰਿਸੇਰਚ (ਆਈ ਸੀ ਏ ਆਰ) ਦੇ ਜੀ ਬੀ ਮੈਂਬਰ ਤੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾਂ ਦੇ ਬੋਰਡ ਆਫ ਮੈਨੇਜ਼ਮੈਂਟ ਦੇ ਮਾਣਮੱਤੇ ਮੈਂਬਰ ਵੱਜੋਂ ਸ਼ਾਨਦਾਰ ਸੇਵਾਵਾਂ ਨਿਭਾ ਚੁਕੇ ਹਨ. ਸਰਦਾਰ ਚੀਮਾ ਨੇ ਸ਼੍ਰੀ ਖ਼ਰਗੇ ਨੂੰ ਆਉਂਦੀਆਂ ਲੋਕ ਸਭਾ ਚੋਣਾਂ ਦੇ ਦਰਮਿਆਨ ਹਲਕਾ ਗੁਰਦਾਸਪੁਰ ਤੋਂ ਲੰਬੇ ਸਮੇ ਤੋਂ ਐਨ ਡੀ ਏ ਦੇ ਭਾਜਪਾ - ਅਕਾਲੀ ਦਲ ਗਠਜੋੜ ਵੱਲੋਂ ਬਾਹਰੀ ਫ਼ਿਲਮੀ ਸਿਤਾਰਿਆਂ ਨੂੰ ਉਤਾਰ ਕੇ ਇਲਾਕੇ ਦੇ 25 ਲੱਖ ਨਿਵਾਸੀਆਂ ਤੇ 16ਲੱਖ ਵੋਟਰਾਂ ਨੂੰ ਇਲਾਕੇ ਦੀਆਂ ਦਰਪੇਸ਼ ਮੁਸ਼ਕਿਲਾਂ ਨੂੰ ਹੱਲ ਕਰਨ ਦੇ ਲੋਕ ਲੁਭਾਵਨ ਵਾਇਦੇ ਕਰਕੇ ਜਿਸ ਦੀ ਗਾਰੰਟੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੀ ਨੇ ਆਪ ਗੁਰਦਾਸਪੁਰ ਵਿਚ ਜਨਵਰੀ 2019 ਵਿਚ ਰੈਲੀ ਕਰਕੇ ਦਿੱਤੀ ਪਰੰਤੂ ਜਿੱਤਾਂ ਪ੍ਰਾਪਤ ਕਰਨ ਤੋਂ ਬਾਅਦ ਕਦੇ ਨਾ ਪਰਤਣ ਵਾਲੇ ਨੁਮਾਇੰਦਿਆਂ ਦੀਆਂ ਕਾਰਗੁਜਾਰੀਆਂ ਪ੍ਰਤੀ ਇਲਾਕਾ ਨਿਵਾਸੀਆਂ ਵਿਚ ਪਾਏ ਜਾ ਰਹੇ ਭਾਰੀ ਰੋਸ ਪ੍ਰਤੀ ਜਾਣੂ ਕਰਵਾਇਆ. ਸ਼੍ਰੀ ਖ਼ਰਗੇ ਨੇ ਬੜੀ ਸੰਜੀਦਗੀ ਨਾਲ ਵਾਚਣ ਉਪਰੰਤ ਉਸ ਜਾਗਰੂਕਤਾ ਮੁਹਿੰਮ ਦੀ ਭਰਵੀਂ ਸ਼ਲਾਘਾ ਕੀਤੀ ਜਿਸ ਤਹਿਤ ਵਹਟਸੱਪ ਸਨੇਹੇ ਤੇ ਟੈਲੀਫੋਨ ਕਾਲਾਂ ਰਾਹੀਂ ਲੋਕ ਸਭਾ ਹਲਕੇ ਗੁਰਦਾਸਪੁਰ ਦੇ 1910 ਬੂਥਾਂ ਦੇ ਪੱਧਰ ਤੇ ਘੱਟੋ ਘੱਟ 100 -110 ਸਥਾਨਿਕ ਨਿਵਾਸੀਆਂ ਨੂੰ ਲੋਕ ਜਾਗਰੂਕਤਾ ਲਹਿਰ ਰਾਹੀਂ ਇਲਾਕੇ ਦੀ ਬਾਹਰੋਂ ਆ ਕੇ ਚੁਣੇ ਗਏ ਲੋਕ ਸਭਾ ਐਮ .ਪੀ ਸਾਹਿਬਾਨ ਵੱਲੋਂ ਉਹਨਾਂ ਦੇ ਕੇਂਦਰ ਵਿਚ ਸਰਕਾਰਾਂ ਹੁੰਦਿਆਂ ਜਿੱਲ੍ਹਾ ਗੁਰਦਾਸਪੁਰ ਤੇ ਪਠਾਨਕੋਟ ਦੇ ਇਲਾਕਿਆਂ ਦੀ ਅਣਦੇਖੀ ,ਅਣਗਹਿਲੀ ਤੇ ਅਵੇਸਲਾਪਨ ਉਜਾਗਰ ਕਰਨਾ ਪ੍ਰਮੁੱਖ ਸੀ, ਸਰਦਾਰ ਚੀਮਾ ਵੱਲੋਂ ਸ਼੍ਰੀ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ ਅਤੇ ਯੂ.ਪੀ.ਏ ਪ੍ਰਮੁੱਖ ਸ਼੍ਰੀਮਤੀ ਸੋਨੀਆ ਗਾਂਧੀ ਜੀ ਦੇ ਮਾਰਗ ਦਰਸ਼ਨ ਹੇਠ ਪਿਛਲੇ 2 ਸਾਲ ਤੋਂ ਇਹ ਮੁਹਿੰਮ ਸ਼ੁਰੂ ਕੀਤੀ ਗਈ ਸੀ ਜਿਸ ਰਾਹੀਂ 4 ਲੱਖ 50 ਹਜ਼ਾਰ ਤੋਂ ਵੱਧ ਜਿੱਲ੍ਹਾ ਗੁਰਦਾਸਪੁਰ ਤੇ ਪਠਾਨਕੋਟ ਦੇ ਇਲਾਕਾ ਨਿਵਾਸੀ ਵੋਟਰਾਂ ਨਾਲ ਸਿੱਧਾ ਸੰਪਰਕ ਬਣਾਇਆ ਗਿਆ ਸੀ ਜਿਸਦੀ ਇਲਾਕੇ ਵਿਚ ਹਰ ਪਾਸੇ ਭਰਵੀਂ ਸ਼ਲਾਘਾ ਹੋ ਰਹੀ ਹੈ ਸ਼੍ਰੀ ਖ਼ਰਗੇ ਨੇ ਸਰਦਾਰ ਚੀਮਾ ਵੱਲੋਂ ਕੇਂਦਰ ਸਰਕਾਰ ਕੋਲੋਂ ਗੁਜਰਾਤ ਤੇ ਮੁੰਬਈ ਆਦਿ ਦੇ ਬੰਦਰਗਾਹਾਂ ਨੂੰ ਛੱਡ ਪੰਜਾਬ ਦੀ ਖੇਤੀਬਾੜੀ ਤੇ ਸਨਅਤ ਦੇ ਵਿਕਾਸ ਲਈ ਆਰੰਭੇ ਗਏ ਜਾਗਰੂਕਤਾ ਉਪਰਾਲਿਆਂ ਜਿਸ ਤਹਿਤ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਤੇ ਵਾਹਗਾ ਬਾਰਡਰ ਰਾਹੀਂ ਸੈਂਟ੍ਰਲ ਏਸ਼ੀਆ ਤੇ ਮਿਡਲ ਈਸਟ ਦੇ ਮੁਲਖਾਂ ਨੂੰ ਪੰਜਾਬ ਤੋਂ ਤਾਜ਼ੀਆਂ ਸਬਜ਼ੀਆਂ ਤੇ ਫਲਾਂ , ਕਣਕ ਤੇ ਚੋਲ ਤੋਂ ਇਲਾਵਾ ਇੰਡਸਟਰੀਅਲ ਐਂਡ ਹੈਂਡਲੂਮ ਦੀ ਏਕ੍ਸਪੋਰ੍ਟ ਨੂੰ ਪਹਿਲ ਦੇ ਆਧਾਰ ਤੇ ਖੋਹਲਣ ਲਈ ਕੀਤੀ ਜਾ ਰਹੀ ਚਾਰਾਜੋਈ ਲਈ ਸ਼ਾਬਾਸ਼ ਦਿੱਤੀ ਤੇ ਇਸ ਲਈ ਉੱਦਮ ਕਰਦੇ ਰਹਿਣ ਲਈ ਪ੍ਰੇਰਿਆ ਅਤੇ ਆਉਂਦੀਆਂ ਲੋਕ ਸਭਾ ਚੋਣਾਂ ਲਈ ਤਿਆਰੀ ਕਰਨ ਲਈ ਨਿਰਦੇਸ਼ ਦਿੱਤੇ।

### ਮਹਾ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ 'ਤੇ ਪ੍ਰਾਚੀਨ ਮੰਦਿਰ ਸ਼ਿਵਾਲਾ ਬਾਗ. ਭਾਈਆਂ ਵਿਖੇ

# ਸਾਬਕਾ ਅੰਬੈਸਡਰ ਤਰਨਜੀਤ ਸਿੰਘ ਸੰਧੂ ਨੇ ਮੱਥਾ ਟੇਕਿਆ ਅਤੇ ਪੂਜਾ ਅਰਚਨਾ ਕੀਤੀ






ਆਵਾਜ਼ਿ ਕੌਮ AWAZE QAUM International Newspaper & WEB TV

ਅੰਮ੍ਰਿਤਸਰ, 8 ਮਾਰਚ (ਆਵਾਜ਼ਿ ਕੌਮ ਬਿਊਰੋ)- ਅਮਰੀਕਾ ਵਿਚ ਭਾਰਤੀ ਸਫ਼ੀਰ ਰਹੇ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਮਹਾ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ 'ਤੇ ਸਥਾਨਕ ਪ੍ਰਾਚੀਨ ਮੰਦਿਰ ਸ਼ਿਵਾਲਾ ਬਾਗ. ਭਾਈਆਂ ਵਿਖੇ ਨਤਮਸਤਕ ਹੋਏ ਅਤੇ ਪੂਜਾ ਅਰਚਨਾ ਕੀਤੀ। ਉਨ੍ਹਾਂ ਪੰਜਾਬ ਤੇ ਪੰਜਾਬੀਆਂ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ ਅਤੇ ਸਮੂਹ ਭਗਤਾਂ ਨੂੰ ਮਹਾ ਸ਼ਿਵਰਾਤਰੀ ਦੀ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਦੇ ਓ ਬੀ ਸੀ ਮੋਰਚਾ ਦੇ ਪੰਜਾਬ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਅਤੇ ਸਾਬਕਾ ਮੰਤਰੀ ਬੀਬੀ ਲਸ਼ਮੀ ਕਾਂਤਾ ਚਾਵਲਾ ਵੀ ਮੌਜੂਦ ਸਨ। ਪ੍ਰੋ. ਸਰਚਾਂਦ ਸਿੰਘ ਅਨੁਸਾਰ ਇਸ ਮੌਕੇ ਮੰਦਰ ਕਮੇਟੀ ਵੱਲੋਂ ਪ੍ਰਧਾਨ ਸ਼੍ਰੀ ਅਸ਼ੋਕ ਸ਼ਰਮਾ ਅਤੇ ਸ਼੍ਰੀ ਗੋਪਾਲ ਕਿਸ਼ਨ ਦੀ ਅਗਵਾਈ 'ਚ ਸ਼. ਤਰਨਜੀਤ ਸਿੰਘ ਸੰਧੂ ਦਾ ਭਰਵਾਂ ਸਵਾਗਤ ਅਤੇ ਸਨਮਾਨ ਕੀਤਾ ਗਿਆ । ਅੰਬੈਸਡਰ ਸੰਧੂ ਤੇ ਬੋਨੀ ਅਜਨਾਲਾ ਨੇ ਮੰਦਰ ਕਮੇਟੀ ਵੱਲੋਂ ਲਗਾਏ ਗਏ ਲੰਗਰ ਵਿਚ ਵਰਤਾਉਣ ਦੀ ਸੇਵਾ ਵੀ ਕੀਤੀ। ਇਸ ਮੌਕੇ ਹਾਜ਼ਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੰਬੈਸਡਰ ਸੰਧੂ ਨੇ ਕਿਹਾ ਕਿ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਦੇ ਵਿਆਹ ਦਾ ਅੱਜ ਦਾ ਪਾਵਨ ਦਿਹਾੜਾ ਸਾਨੂੰ ਸਾਡੀ ਸੰਸਕ੍ਰਿਤੀ ਤੇ ਪ੍ਰਮਾਤਮਾ ਨਾਲ ਜੋੜੀ ਰੱਖਣ ਤੋਂ ਇਲਾਵਾ ਸਮੂਹ ਭਾਈਚਾਰਿਆਂ ਲਈ ਸ਼ਾਂਤੀ ਤੇ ਏਕਤਾ ਬਣਾਈ ਰੱਖਣ ਦੀ ਪ੍ਰੇਰਣਾ ਦਿੰਦਾ ਹੈ। ਸਾਡੀਆਂ ਪਰੰਪਰਾਵਾਂ ਸਾਨੂੰ ਨਕਾਰਾਤਮਿਕ ਰੁਝਾਨਾਂ ਨੂੰ ਤਿਆਗ ਕੇ ਸਮਾਜ ਨੂੰ ਹੋਰ ਬਿਹਤਰ ਬਣਾਉਣ ਲਈ ਕੰਮ ਕਰਨ 'ਤੇ ਜ਼ੋਰ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਮੈਂ ਅੱਜ ਬਹੁਤ ਖ਼ੁਸ਼ ਹਾਂ ਕਿ ਸ਼ਿਵਰਾਤਰੀ ਆਪਣੀ ਧਰਤੀ 'ਤੇ ਆਪਣੀਆਂ ਭੈਣਾਂ ਭਰਾਵਾਂ ਨਾਲ ਮਨਾਉਣ ਦਾ ਅਵਸਰ ਮਿਲਿਆ। ਉਨ੍ਹਾਂ ਕਿਹਾ ਕਿ ਭਾਰਤੀ ਵਿਦੇਸ਼ ਸ਼ੇਵਾ ਦੇ ਦੌਰਾਨ ਉਨ੍ਹਾਂ ਦਾ ਮਨ ਹਮੇਸ਼ਾਂ ਅੰਮ੍ਰਿਤਸਰ ਵਿਚ ਹੀ ਰਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਨੇ ਲੋਕ ਸੇਵਾ, ਪੰਥ ਅਤੇ ਦੇਸ਼ ਨੂੰ ਆਪਣੀ ਪੂਰੀ ਜ਼ਿੰਦਗੀ ਸਮਰਪਿਤ ਕਰਦਿਆਂ 17 ਜੁਲਾਈ 1926 ਨੂੰ ਲਾਹੌਰ ਦੀ ਸੈਂਟਰਲ ਜੇਲ੍ਹ ਵਿੱਚ ਸ਼ਹਾਦਤ ਪ੍ਰਾਪਤ ਕੀਤੀ। ਮੇਰੇ ਮਾਤਾ ਪਿਤਾ ਵੀ ਸਿੱਖਿਆ ਦੇ ਖੇਤਰ 'ਚ ਯੋਗਦਾਨ ਪਾਉਂਦਿਆਂ ਅੰਮ੍ਰਿਤਸਰ ਨਾਲ ਸ਼ੁਰੂ ਤੋਂ ਜੁੜੇ ਰਹੇ। ਹੁਣ ਮੇਰੀ ਵਾਰੀ ਹੈ ਕਿ ਮੈਂ ਅੰਮ੍ਰਿਤਸਰ ਦੇ ਵਿਕਾਸ ਲਈ ਉਹ ਕੁਝ ਕਰਾਂ ਜੋ ਮੈਂ ਭਾਰਤੀ ਵਿਦੇਸ਼ ਸ਼ੇਵਾ ਦੌਰਾਨ ਸੋਚਿਆ ਸੀ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਲੋਕਾਂ ਅਤੇ ਨੌਜਵਾਨਾਂ 'ਚ ਸਮਰੱਥਾ ਦੀ ਕੋਈ ਕਮੀ ਨਹੀਂ ਹੈ। ਕੇਵਲ ਉਨ੍ਹਾਂ ਨੂੰ ਸਹੀ ਅਗਵਾਈ ਅਤੇ ਮਾਰਗ ਦਰਸ਼ਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਅਨੇਕਾਂ ਵਿਦੇਸ਼ਾਂ ਕੰਪਨੀਆਂ ਅੰਮ੍ਰਿਤਸਰ ਵਿਚ ਪੂੰਜੀ ਨਿਵੇਸ਼ ਲਈ ਤਿਆਰ ਹਨ। ਜਿਸ ਦੁਆਰਾ ਬੇਰੁਜ਼ਗਾਰ ਨੌਜਵਾਨਾਂ ਨੂੰ ਟਰੇਨਿੰਗ ਦੇ ਕੇ ਉਨ੍ਹਾਂ ਨੂੰ ਰੁਜ਼ਗਾਰ ਅਤੇ ਨੌਕਰੀਆਂ ਦੇ ਕਾਬਲ ਬਣਾਏ ਜਾ ਸਕਦੇ ਹਨ। ਇਸ ਮੌਕੇ ਭਾਜਪਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਤੇ ਮੰਦਰ ਦੇ ਟਰੱਸਟੀ ਸ਼੍ਰੀ ਸੁਰੇਸ਼ ਮਹਾਜਨ, ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ, ਐਸ਼ ਪੀ ਕੇਵਲ ਜੀ, ਡਾ. ਸੰਜੀਵ ਲਖਨਪਾਲ, ਗੁਰਕੀਰਤ ਢਿੱਲੋਂ, ਅਰਜਨ ਵਧਵਾ, ਰਾਕੇਸ਼ ਗਿੱਲ, ਰਾਜੀਵ ਸ਼ਰਮਾ ਡਿੰਪੀ, ਵਿਨੋਦ ਕੁਮਾਰ, ਤਰੁਨ ਅਰੋੜਾ ਲੋਕ ਸਭਾ ਇੰਚਾਰਜ ਲਾਭ ਪਾਤਰੀ, ਰਾਹੁਲ ਮਹੇਸ਼ਵਰੀ ਕਨਵੀਨਰ ਸੈੱਲ, ਕੁਮਾਰ ਅਮਿਤ, ਗੌਰਵ ਗਿੱਲ, ਅਮਿਤ ਮਹਾਜਨ ਅਤੇ ਰਜਿੰਦਰ ਸ਼ਰਮਾ ਵੀ ਮੌਜੂਦ ਸਨ।

**ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਸਮਰੱਥਾ ਦੀ ਕਮੀ ਨਹੀਂ ਕੇਵਲ ਅਵਸਰ ਪ੍ਰਦਾਨ ਕਰਨ ਦੀ ਲੋੜ - ਤਰਨਜੀਤ ਸਿੰਘ ਸੰਧੂ**

### 'ਖੇਡਾਂ ਉਦੋਨੰਗਲ ਦੀਆਂ' ਦੇ ਦੂਸਰੇ ਦਿਨ ਫੁੱਬਾਲ ਤੇ ਹਾਕੀ ਦੇ ਮੈਚ ਹੋਏ

# ਉੱਘੇ ਸਮਾਜ ਸੇਵੀ ਬੀਬੀ ਨਰਿੰਦਰ ਕੌਰ ਸ਼ਾਹ ਨੇ ਖਿਡਾਰੀਆਂ ਨੂੰ ਦਿੱਤਾ ਆਸ਼ੀਰਵਾਦ



ਆਵਾਜ਼ਿ ਕੌਮ AWAZE QAUM International Newspaper & WEB TV

ਚੌਂਕ ਮਹਿਤਾ, 8 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪਿੰਡ ਉਦੋਨੰਗਲ ਦੇ ਚਾਰ ਰੋਜ਼ਾਂ ਖੇਡ ਮੇਲੇ 'ਖੇਡਾਂ ਉਦੋਨੰਗਲ ਦੀਆਂ' ਦੇ ਦੂਸਰੇ ਦਿਨ ਅੱਜ ਫੁੱਟਬਾਲ ਤੇ ਹਾਕੀ ਦੇ ਮੈਚ ਕਰਾਏ ਗਏ,ਜਿਸ ਦੌਰਾਨ ਦਰਸ਼ਕਾਂ ਨੂੰ ਰੋਮਾਂਚਕ ਮੈਚ ਦੇਖਣ ਨੂੰ ਮਿਲੇ ਅੱਜ ਦੇ ਮੁੱਖ ਮਹਿਮਾਨ ਉੱਘੇ ਸਮਾਜ ਸੇਵੀ ਬੀਬੀ ਨਰਿੰਦਰ ਕੌਰ ਸ਼ਾਹ ਨੇ ਖਿਡਾਰੀਆਂ ਨਾਲ ਜਾਣ ਪਛਾਣ ਕਰਦੇ ਹੋਏ ਉਨ੍ਹਾਂ ਨੂੰ ਅਸ਼ੀਰਵਾਦ ਦਿੱਤਾ।ਇਸ ਮੌਕੇ ਉਨ੍ਹਾਂ ਨਾਲ ਸਰਪੰਚ ਗੁਰਮੇਜ਼ ਸਿੰਘ ਉਦੋਨੰਗਲ ,ਇੰਸਪੈਕਟਰ ਗੁਰਮੇਜ਼ ਸਿੰਘ ਰੰਧਾਵਾ, ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ, ਚੇਅਰਮੈਨ ਬਲਵਿੰਦਰ ਸਿੰਘ ਬੱਬਲੀ,ਚੇਅਰਮੈਨ ਬਲਵਿੰਦਰ ਸਿੰਘ ਬੱਬਲੀ, ਪ੍ਰਧਾਨ ਬਲਜ਼ਿੰਦਰ ਸਿੰਘ ਦਬੁਰਜ਼ੀ,ਸਾਬਕਾ ਸਰਪੰਚ ਰਜਿੰਦਰ ਸਿੰਘ ਰਾਜੂ,ਬਲਾਕ ਪ੍ਰਧਾਨ ਜਰਮਨ ਸਿੰਘ,ਬਲਜੀਤ ਸਿੰਘ ਚਾਹਲ,ਜਗਮੇਲ ਸਿੰਘ ਰੰਧਾਵਾ, ਗੁਰਮੁੱਖ ਸਿੰਘ ਸਾਹਬਾ,ਗੁਰਧਿਆਨ ਸਿੰਘ ਮਹਿਤਾ, ਭੁਪਿੰਦਰ ਸਿੰਘ ਪ੍ਰਧਾਨ,ਸ਼ਮਸ਼ੇਰ ਸਿੰਘ ਸ਼ੇਰਾ,ਸਤਨਾਮ ਸਿੰਘ ਸੱਤਾ,ਜੋਗਿੰਦਰ ਸਿੰਘ,ਅਜੈਬ ਸਿੰਘ ਨੰਬਰਦਾਰ,ਗੁਰਧਿਆਨ ਸਿੰਘ,ਬਲਦੇਵ ਸਿੰਘ ਰਾਇਲ ਪੈਲੇਸ,ਹਰਕੇਵਲ ਸਿੰਘ,ਜਗਦੀਪ ਸਿੰਘ ਜੇ.ਡੀ.ਪੱਡਾ .,ਮਾ.ਤੇਜਿੰਦਰ ਸਿੰਘ ਮਹਿਤਾ ਫਤਿਹਜੀਤ ਸਿੰਘ ਸਾਬੀ ਤੋਂ ਇਲਾਵਾ ਉੱਚੇਚੇ ਤੌਰ 'ਤੇ ਟੂਰਨਾਮੈਂਟ 'ਚ ਪੁੱਜੇ ਐੱਨ.ਆਰ.ਆਈਜ਼.ਗਗਨਦੀਪ ਰੰਧਾਵਾ ਆਸਟ੍ਰੇਲੀਆ,ਮਨਪ੍ਰੀਤ ਸਿੰਘ ਆਸਟ੍ਰੇਲੀਆ.ਨਵ ਰੰਧਾਵਾ ਸਵੀਡਨ,ਸਿਮਰਪ੍ਰੀਤ ਸਿੰਘ ਕੈਨੇਡਾ, ਸੁਖਜ਼ਿੰਦਰ ਸਿੰਘ ਪਟਵਾਰੀ ਯੂ.ਐੱਸ.ਏ.,ਸੁਖਦੇਵ ਸਿੰਘ ਬੁੱਟਰ ਤੇ ਜੱਜਬੀਰ ਆਸਟ੍ਰੇਲੀਆ ਆਦਿ ਵੀ ਮੌਜੂਦ ਸਨ।ਕਲੱਬ ਵੱਲੋਂ ਬੋਲਦੇ ਹੋਏ ਇੰਸਪੈਕਟਰ ਗੁਰਮੇਜ਼ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਖੇਡ ਮੇਲੇ ਨੂੰ ਕਰਾਉਣ ਦਾ ਮੁੱਖ ਮੰਤਵ ਅੱਜ ਦੇ ਬੱਚਿਆਂ ਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ ਹੈ ਤਾਂ ਜੋ ਉਹ ਖੇਡਾਂ ਦੀ ਅਹਿਮੀਅਤ ਨੂੰ ਸਮਝ ਸਕਣ ਤੇ ਨਸ਼ਿਆਂ ਤੋ ਦੂਰ ਰਹਿ ਕੇ ਇਕ ਚੰਗੇ ਸਪੋਰਟਸਮੈਨ ਬਣ ਕੇ ਸਮਾਜ 'ਚ ਆਪਣੀ ਪਹਿਚਾਣ ਬਣਾ ਸਕਣ।ਇਸ ਮੌਕੇ ਖੇਡ ਮੇਲੇ ਦੀ ਵੱਡੀ ਕਾਮਯਾਬੀ ਲਈ ਮੁੱਖ ਭੂਮਿਕਾ ਨਿਭਾ ਰਹੇ ਰਘਬੀਰ ਸਿੰਘ ਛੋਟਾ ਇਟਲੀ ,ਆਤਮਬੀਰ ਸਿੰਘ ਰੰਧਾਵਾ, ਮੰਚ ਸੰਚਾਲਕ ਕੁਲਬੀਰ ਸਿੰਘ, ਗੁਰਦਵਿੰਦਰ ਸਿੰਘ ਰੰਧਾਵਾ,ਕਰਮ ਪੰਨੂੰ,ਹਰਪ੍ਰੀਤ ਸਿੰਘ ਸੋਨੂੰ, ਹਰਮਨ ਰੰਧਾਵਾ,ਗੁਰਬਰਿੰਦਰ ਸਿੰਘ ਰੰਧਾਵਾ,ਬਿੱਕਾ ਪੰਨੂ,ਕਰਮ ਪੰਨੂ, ਜਤਿੰਦਰ ਸਿੰਘ ਭਿੰਦਾ,ਦਵਿੰਦਰ ਸਿੰਘ ਰੰਧਾਵਾ,ਸੂਬੇਦਾਰ ਮੁਖਤਾਰ ਸਿੰਘ,ਜੱਸ ਤੇ ਲਾਡੀ ਆਰਮੀ,ਗੁੱਲੂ,ਕਾਲਾ ਕੋਚ ਤੇ ਹਰਜਿੰਦਰ ਸਿੰਘ ਜ਼ਿੰਦਾ ਆਦਿ ਕਲੱਬ ਮੈਂਬਰਾਂ ਵੀ ਖਿਡਾਰੀਆਂ ਦੀ ਹੌਂਸਲਾ ਅਫਜਾਈ ਕੀਤੀ।

# ਸਾਂਝ ਕੇਂਦਰ ਸ਼੍ਰੀ ਹਰਗੋਬਿੰਦਪੁਰ ਸਾਹਿਬ ਵੱਲੋਂ ਨਸ਼ਿਆਂ ਵਿਰੋਧੀ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ




ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ 8 ਮਾਰਚ (ਕੁਲਜੀਤ ਸਿੰਘ ਖੋਖਰ)-ਸਾਂਝ ਕੇਂਦਰ ਸ਼੍ਰੀ ਹਰਗੋਬਿੰਦਪੁਰ ਸਾਹਿਬ ਵੱਲੋਂ ਮਾਨਯੋਗ ਡੀ ਜੀ ਪੀ ਕਮਿਊਨਟੀ ਸਾਹਿਬ ਪੰਜਾਬ ਚੰਡੀਗੜ੍ਹ ਜੀ ਦੇ ਹੁਕਮਾਂ ਨਾਲ ਅਤੇ ਮਾਨਯੋਗ ਐੱਸ ਐੱਸ ਪੀ ਸਾਹਿਬ ਬਾਟਲਾ ਅਤੇ ਮਾਨਯੋਗ ਡੀ ਸੀ ਪੀ ਓ(ਐੱਸ ਪੀ ਹੈੱਡਕੁਆਰਟਰ ਸਾਹਿਬ )ਸ਼੍ਰੀਮਤੀ ਜਸਵੰਤ ਕੌਰ ਪੀਪੀਐਸ ਅਤੇ ਜ਼ਿਲ੍ਹਾ ਸਾਂਝ ਕੇਂਦਰ ਇੰਚਾਰਜ ਸਬ ਇੰਸਪੈਕਟਰ ਸੁਤਵੰਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ ਦੀ ਪਾਲਣਾ ਹਿੱਤ ਸਾਂਝ ਕੇਂਦਰ ਸ਼੍ਰੀ ਹਰਗੋਬਿੰਦਪੁਰ ਵਿਖੇ ਜਾਗਰੂਕ ਸੈਮੀਨਰ ਦਾ ਆਯੋਜਤ ਕੀਤਾ ਗਿਆ ।ਜਿਸ ਵਿੱਚ ਨਸ਼ਾ ਵਿਰੋਧੀ, ਸਾਇਬਰ ਕਰਾਇਮ ਅਤੇ ਟਰੈਫਿਕ ਰੁਲਾ ਸਬੰਧੀ ਜਾਣਕਾਰੀ ਦਿੱਤੀ। ਇਸ ਸੈਮੀਨਾਰ ਵਿੱਚ 40 ਦੇ ਕਰੀਬ ਇਲਾਕੇ ਦੇ ਵਿਅਕਤੀਆਂ ਨੇ ਭਾਗ ਲਿਆ । ਇਸ ਮੌਕੇ ਲੋਕਾਂ ਤੋਂ ਇਲਾਵਾ ਸਾਂਝ ਕਮੇਟੀ ਦੇ ਮੈਬਰ ਅਤੇ ਸਾਂਝ ਸਟਾਫ਼ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦਾ 'ਦੂਸਰਾ ਤਿੰਨ ਦਿਨਾ ਦਮਦਮਾ ਸਾਹਿਬ ਸਾਹਿਤਕ ਮੇਲਾ' ਸਫਲਤਾ ਪੂਰਵਕ ਨੇਪਰੇ ਚੜ੍ਹਿਆ






ਤਲਵੰਡੀ ਸਾਬੋ, 8 ਮਾਰਚ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਦੂਸਰਾ ਤਿੰਨ ਰੋਜ਼ਾ ਸਾਹਿਤਕ ਮੇਲਾ ਸਫਲਤਾ ਪੂਰਵਕ ਨੇਪਰੇ ਚੜ੍ਹਿਆ।ਵੱਡੀ ਗਿਣਤੀ 'ਚ ਵਿਦਿਆਰਥੀਆਂ ਤੇ ਬਾਹਰੋਂ ਆਏ ਮਹਿਮਾਨਾਂ ਨੇ ਇਸ ਵਿੱਚ ਸ਼ਮੂਲੀਅਤ ਕੀਤੀ ਅਤੇ ਵੱਖ-ਵੱਖ ਹਿੱਸਿਆਂ ਤੋਂ ਆਏ ਪ੍ਰਕਾਸ਼ਕਾਂ ਨੇ ਆਪਣੀਆ ਪੁਸਤਕ-ਸਟਾਲਾਂ ਲਗਾਈਆਂ ਜਿਸ ਵਿੱਚ ਕਾਫ਼ੀ ਮਾਤਰਾ ਵਿੱਚ ਕਿਤਾਬਾਂ ਦੀ ਖਰੀਦੋ ਫ਼ਰੋਖਤ ਹੋਈ। ਇਸ ਮੇਲੇ ਦੌਰਾਨ ਇਸ ਕੈਂਪਸ ਦੇ ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਤੋਂ ਪੜ੍ਹੇ ਪ੍ਰਗਟ ਸਿੰਘ ਗਹਿਰੀ ਭਾਗੀ ਨੇ ਅਜੋਕੇ ਸਮੇਂ ਖੇਤੀ ਸਬੰਧੀ ਚੁਣੌਤੀਆਂ ਤੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ। ਇੱਥੇ ਦੱਸਣਾ ਬਣਦਾ ਹੈ ਕਿ ਪ੍ਰਗਟ ਸਿੰਘ ਕਿਸਾਨੀ ਨੂੰ ਕੁਦਰਤੀ ਢੰਗਾਂ ਰਾਹੀਂ ਕਰਨ ਲਈ ਬਹੁਤ ਚੰਗਾ ਯੋਗਦਾਨ ਪਾ ਰਹੇ ਹਨ। ਨਰਮੇ ਅਤੇ ਝੋਨੇ ਬਾਰੇ ਉਹਨਾਂ ਦੀਆਂ ਦੋ ਕਿਤਾਬਾਂ ਆ ਚੁੱਕੀਆਂ ਹਨ ਅਤੇ ਖੇਤੀ ਜਾਣਕਾਰੀ ਲਈ ਉਹ ਇੱਕ 'ਕਰੌਪ ਇਨਫਰਮੇਸ਼ਨ' ਚੈਨਲ ਚਲਾ ਰਹੇ ਹਨ ਜਿਸਨੂੰ ਲਗਭਗ ਤਿੰਨ ਲੱਖ ਲੋਕ ਫਾਲੋ ਕਰਦੇ ਹਨ। ਅੱਜ ਇਸ ਸਮਾਗਮ ਦੇ ਅਖੀਰਲੇ ਦਿਨ ਤੇ ਪ੍ਰਥਮ ਸੈਸ਼ਨ ਵਿੱਚ ਔਰਤ ਦਿਵਸ ਨੂੰ ਮੁੱਖ ਰੱਖਦੇ ਹੋਏ ਅਰਵਿੰਦਰ ਕਾਕੜਾ, ਨਿਮਰਤ ਸਿੱਧੂ, ਅਨੂਪਮ ਨੇ ਨਾਰੀਵਾਦੀ ਵਿਚਾਰਾਂ ਦਾ ਪ੍ਰਤਿਪਾਦਨ ਕੀਤਾ।ਇਸ ਤੋਂ ਮਗਰੋਂ ਮਜ਼ਦੂਰ ਸਮੱਸਿਆਵਾਂ ਦੇ ਸੰਦਰਭ ਵਿੱਚ ਬਿਕਰਜੀਤ, ਰੇਖਾ ਰਾਣੀ ਤੇ ਕਾਮਰੇਡ ਮੱਖਣ ਸਿੰਘ ਨੇ ਗੱਲਬਾਤ ਕੀਤੀ। ਇਸ ਤੋਂ ਮਗਰੋਂ ਰੂਪਸੀ ਗਰਗ, ਹਰਦੀਪ ਜਟਾਣਾ, ਅਨੂਪਮਾਦੀਪ ਆਜ਼ਾਦ, ਖੁਸ਼ਦੀਪ ਸਿੰਘ ਚੱਠਾ ਆਦਿ ਨੇ ਵਿਦਿਆਰਥੀਆਂ ਨੂੰ ਸਾਹਿਤ ਚਿੰਤਨ ਅਤੇ ਸਾਹਿਤ ਸਿਰਜਣਾਤਮਕ ਜੁਗਤਾਂ ਤੋਂ ਜਾਣੂ ਕਰਵਾਇਆ। ਕੁਲਦੀਪ ਪੁਰੀ, ਕਮਲਜੀਤ ਸਿੰਘ, ਤਰਲੋਕ ਸੰਧੂ ਨੇ ਸਿੱਖਿਆ ਸਿਧਾਂਤ ਦੇ ਮਾਨਵੀ ਜੀਵਨ ਵਿੱਚ ਸਿੱਖਿਆ ਦੀ ਅਹਿਮੀਅਤ ਨੂੰ ਅਜੋਕੇ ਸਮੇਂ ਦੇ ਸਬੰਧ ਵਿੱਚ ਪੇਸ਼ ਕੀਤਾ। ਇਸ ਉਪਰੰਤ ਪੰਜਾਬੀ ਗਾਇਕ ਬਾਬਾ ਬੇਲੀ ਨੇ ਗਿੱਲ ਗੁਰਪ੍ਰੀਤ ਰਾਹੀਂ ਰੂ-ਬਰੂ ਹੁੰਦੇ ਹੋਏ ਸੰਗੀਤਕ ਮਹਿਫਲ ਵਿੱਚ ਆਪਣੇ ਫ਼ਨ ਦਾ ਮੁਜ਼ਾਹਰਾ ਕਰਦਿਆਂ ਦਰਸ਼ਕਾਂ ਨੂੰ ਆਪਣੇ ਆਨੰਦ ਮਈ ਸੰਗੀਤਕ ਪ੍ਰਸਤੁਤੀ ਕਰਦਿਆਂ ਸਾਹਿਤ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਡਾ. ਸੰਦੀਪ ਰਾਣਾ ਨੇ ਤਿੰਨਾਂ ਦਿਨਾਂ ਵਿੱਚ ਹੋਈਆਂ ਸਾਹਿਤਕ ਸਰਗਰਮੀਆਂ ਸਬੰਧੀ ਰਿਪੋਰਟ ਪੇਸ਼ ਕੀਤੀ। ਪ੍ਰੋ. ਇਕਬਾਲ ਸਿੰਘ ਨੇ ਵਿਦਾਇਗੀ ਭਾਸ਼ਣ ਪ੍ਰਸਤੁਤ ਕੀਤਾ। ਇਸ ਉਪਰੰਤ ਮੁਖੀ ਭਾਸ਼ਾਵਾਂ ਵਿਭਾਗ ਪ੍ਰੋ. ਸੁਸ਼ੀਲ ਕੁਮਾਰ ਨੇ ਆਏ ਹੋਏ ਆਨਲਾਈਨ ਕਿਤਾਬ ਘਰ, ਪਬਲਿਸ਼ਰਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਅਖ਼ੀਰ ਵਿੱਚ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਵਿਭਾਗ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅਜਿਹੇ ਸਾਹਿਤਕ ਕਾਰਜ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਆਰ ਓ ਲਖਵੀਰ ਸਿੰਘ, ਕਰਨਦੀਪ ਸੋਨੀ ਗੁਰੂ ਕਾਸ਼ੀ ਸਾਹਿਤ ਸਭਾ, ਜਸਵੀਰ ਸਿੰਘ ਮਾਨ ਜੌੜਕੀਆਂ, ਨੱਛਤਰ ਸਿੰਘ ਜੌੜਕੀਆਂ, ਗੁਰਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਹਰਕਰਨ ਸਿੰਘ, ਜਗਰੂਪ ਸਿੰਘ ਆਦਿ ਨੇ ਸੇਵਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 7ਵਾਂ ਮਾਤਾ ਸੁਰਜੀਤ ਕੌਰ ਅਠੌਲਾ ਯਾਦਗਾਰੀ ਐਵਾਰਡ "ਡਾ: ਬਲਜੀਤ ਕੌਰ" ਦੀ ਝੋਲੀ

# ਸੁਖਵੰਤ ਕੌਰ ਵੱਸੀ ਦੀ ਪੁਸਤਕ "ਰੂਹਾਂ ਦਾ ਸਫਰ" ਲੋਕ ਅਰਪਿਤ ਕੀਤੀ




**ਚੌਕ ਮਹਿਤਾ, 08 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 38 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਦੀ ਦੇਵਾ ਵਿੱਚ ਜੁੱਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਅੱਜ ਸ੍ਰੀ ਗੁਰੂ ਤੇਗ ਬਹਾਦਰ ਯੂਨੀਵਰਸਿਟੀ ਕਾਲਜ, ਸਠਿਆਲਾ (ਅੰਮ੍ਰਿਤਸਰ) ਵਿਖੇ ਕਰਵਾਇਆ ਗਿਆ । ਇਸ ਮੌਕੇ ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਡਾ: ਰਘਬੀਰ ਕੌਰ (ਸਾ: ਜਨਰਲ ਸਕੱਤਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ), ਵਿਸ਼ੇਸ਼ ਮਹਿਮਾਨ ਅਰਤਿੰਦਰ ਸੰਧੂ (ਸੰਪਾਦਕ ਏਕਮ), ਡਾ: ਬਲਜੀਤ ਕੌਰ ਰਿਆੜ (ਅਸਿਸਟੈਂਟ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਪ੍ਰਧਾਨਗੀ ਮੰਡਲ ਵਿੱਚ ਡਾ: ਤੇਜਿੰਦਰ ਕੌਰ ਸ਼ਾਹੀ ਓ.ਐਸ.ਡੀ. ਸਰਕਾਰੀ ਕਾਲਜ ਸਠਿਆਲਾ, ਡਾ: ਜਸਪਾਲ ਕੌਰ ਭਾਟੀਆ (ਪ੍ਰਧਾਨ ਨਾਰੀ ਚੇਤਨਾ ਮੰਚ, ਅੰਮ੍ਰਿਤਸਰ), ਪ੍ਰਿੰ: ਪ੍ਰੋਮਿਲਾ ਅਰੋੜਾ (ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਸਾਹਿਬਾ ਜੀਟਨ ਕੌਰ (ਲੈਕਚਰਾਰ ਗੁਰੂ ਨਾਨਕ ਖਾਲਸਾ ਕਾਲਜ ਗੁਰਾਇਆ), ਡਾ: ਨਿਰਮ ਜੌਸਨ (ਸਟੇਟ ਐਵਾਰਡੀ), ਰਾਜਬੀਰ ਕੌਰ ਗਰੇਵਾਲ (ਪ੍ਰਧਾਨ ਮਾਣ ਪੰਜਾਬੀਆਂ ਦਾ ਅੰਤਰਰਾਸ਼ਟਰੀ ਸਾਹਿਤਕ ਮੰਚ ਇੰਗਲੈਂਡ), ਪ੍ਰਿੰਸੀਪਲ ਨਵਤੇਜ ਕੌਰ ਭੰਗੂ, ਬਲਜਿੰਦਰ ਕੌਰ (ਮਾਝਾ ਸੱਥ ਬੁਤਾਲਾ, ਹਰਮੇਸ਼ ਕੌਰ ਜੋਧੇ (ਸਾਬਕਾ ਜ਼ਿਲ੍ਹਾ ਭਾਸ਼ਾ ਅਫਸਰ), ਅਮਨਦੀਪ ਕੌਰ ਥਿੰਦ (ਅਵਤਾਰ ਰੇਡੀਉ ਸੀਚੇਵਾਲ) ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਸਭਾ ਦੀ ਮਹਿਾਲ ਵਿੰਗ ਦੇ ਪ੍ਰਧਾਨ ਸੁਖਵੰਤ ਕੌਰ ਵੱਸੀ ਦੀ ਪੁਸਤਕ "ਰੂਹਾਂ ਦਾ ਸਫਰ" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ । ਜਦਕਿ "7ਵਾਂ ਮਾਤਾ ਸੁਰਜੀਤ ਕੌਰ ਯਾਦਗਾਰੀ ਐਵਾਰਡ "ਡਾ: ਬਲਜੀਤ ਕੌਰ (ਸਾਬਕਾ ਡੀਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ) ਨੂੰ ਦੇ ਕੇ ਸਨਮਾਨਿਤ ਕੀਤਾ ਗਿਆ । ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਮੰਚ ਸੰਚਾਲਨ ਕਰਦਿਆਂ ਸਮੁੱਚੇ ਸਮਾਗਮ ਨੂੰ ਤਰਤੀਬ ਦਿੱਤੀ । ਇਸ ਮੌਕੇ ਮਹਿਲਾ ਦਿਵਸ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਪੰਜਾਬ ਭਰ ਵਿਚੋਂ ਆਈਆਂ ਕਵਿੱਤਰੀਆਂ ਨੇ ਹਾਜ਼ਰੀ ਭਰੀ । ਕਵੀ ਦਰਬਾਰ ਵਿੱਚ ਵਿਜੇਤਾ ਰਾਜ, ਜਤਿੰਦਰਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਅਮਨ ਢਿੱਲੋਂ ਕਸੇਲ, ਰਾਜਿੰਦਰ ਕੌਰ ਧਰਦਿਉ, ਲਾਡੀ ਭੁੱਲਰ ਸੁਲਤਾਨਪੁਰ ਲੋਧੀ, ਮਨਜੀਤ ਕੌਰ ਨੰਗਲੀ, ਸੁਰਿੰਦਰ ਖਿਲਚੀਆਂ, ਜਸਪ੍ਰੀਤ ਕੌਰ, ਨਵਜੋਤ ਕੌਰ ਨਵੂ, ਮਨਦੀਪ ਕੌਰ ਰਤਨ, ਹਰਵਿੰਦਰਜੀਤ ਕੌਰ, ਕੁਲਵਿੰਦਰ ਕੌਰ ਬਾਬਾ ਬਕਾਲਾ, ਮਨਜੀਤ ਕੌਰ ਮੀਸ਼ਾ, ਡਾ: ਪੂਰਨਿਮਾ ਰਾਏ, ਜਤਿੰਦਰ ਕੌਰ ਅੰਮ੍ਰਿਤਸਰ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਜਾਪ ਕੌਰ ਸੀਚੇਵਾਲ, ਮਨਪ੍ਰੀਤ ਕੌਰ ਚੀਮਾਂਬਾਠ, ਹਰਜਿੰਦਰ ਕੌਰ ਸਠਿਆਲਾ, ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆਂ । ਇਸ ਮੌਕੇ ਡਾ: ਰਕੇਸ਼ ਰਾਜ ਤਿਲਕ, ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ, ਸੂਬੇਦਾਰ ਹਰਜਿੰਦਰ ਸਿੰਘ, ਪ੍ਰੋ: ਸੁਖਬੀਰ ਸਿੰਘ ਸਠਿਆਲਾ, ਮੈਨੇਜਰ ਬੂਟਾ ਰਾਮ, ਮੈਨੇਜਰ ਸੁਖਦੇਵ ਸਿੰਘ ਭੁੱਲਰ, ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਮੁਖਤਾਰ ਸਿੰਘ ਗਿੱਲ, ਜਗਦੀਸ਼ ਸਿੰਘ ਬਮਰਾਹ, ਜਸਵੰਤ ਧਾਪ, ਜਸਪਾਲ ਸਿੰਘ ਧੂਲਕਾ, ਮੱਖਣ ਸਿੰਘ ਭੈਣੀਵਾਲਾ, ਸੱਤਾ ਜਸਪਾਲ, ਜਸਮੇਲ ਸਿੰਘ ਜੋਧੇ, ਬਲਬੀਰ ਸਿੰਘ ਬੀਰ, ਅਜੀਤ ਸਿੰਘ ਸਠਿਆਲਵੀ, ਸਕੱਤਰ ਸਿੰਘ ਪੁਰੇਵਾਲ, ਅਰਜਿੰਦਰ ਬੁਤਾਲਵੀ, ਬਲਵਿੰਦਰ ਸਿੰਘ ਅਠੌਲਾ, ਧਰਮ ਸਿੰਘ ਧਿਆਨਪੁਰੀ, ਨਵਦੀਪ ਸਿੰਘ ਬਦੇਸ਼ਾ, ਸੁਰਜੀਤ ਸਿੰਘ ਜੀਤੂ, ਰਮਨਦੀਪ ਸਿੰਘ ਵੱਸੀ, ਜਤਿੰਦਰ ਸਿੰਘ ਬੱਬੂ, ਅਮਨਪ੍ਰੀਤ ਸਿੰਘ ਅਠੌਲਾ, ਸਤਨਾਮ ਸਿੰਘ ਨੌਰੰਗਪੁਰੀ, ਸੰਤੋਖ ਸਿੰਘ ਪੰਨੂੰ, ਪਰਮਜੀਤ ਸਿੰਘ, ਸਤਨਾਮ ਸਿੰਘ, ਗੁਰਚਰਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਵੀਜਨਾਂ ਅਤੇ ਸਖਸ਼ੀਅਤਾਂ ਨੇ ਹਾਜ਼ਰੀ ਭਰਕੇ ਸਮਾਗਮ ਨੂੰ ਸਫਲ ਬਣਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

**ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਵਿਸ਼ਾਲ ਕਵੀ ਦਰਬਾਰ**

### ਪ੍ਰਭਾਤ ਫੇਰੀ ਦਾ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਨੇ ਕੀਤਾ ਸਵਾਗਤ - ਲਾਇਨ ਸੋਮਿਨਾਂ ਸੰਧੂ

# ਮਹਾਸ਼ਿਵਰਾਤਰੀ ਉਤਸਵ ਦੀਆਂ ਸਮੂਹ ਸ਼ਿਵ ਭਗਤਾਂ ਨੂੰ ਸਨੇਹਿਲ ਵਧਾਈਆਂ - ਲਾਇਨ ਅਸ਼ੋਕ ਬਬਿਤਾ ਸੰਧੂ

**ਨੂਰਮਹਿਲ/ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)** -ਮੰਦਰ ਸ਼੍ਰੀ ਬਾਬਾ ਭੂਤਨਾਥ ਕਮੇਟੀ ਅਤੇ ਗਊਸ਼ਾਲਾ ਨੂਰਮਹਿਲ ਵੱਲੋਂ 52ਵੇਂ ਮਹਾਸ਼ਿਵਰਾਤਰੀ ਉਤਸਵ ਦੇ ਮੱਦੇਨਜ਼ਰ ਸ਼ਿਵ ਭਗਤਾਂ ਵਿੱਚ ਸ਼ਿਵ ਮਹਿਮਾ ਦੀ ਅਲਖ ਜਗਾਉਣ ਅਤੇ ਮਹਾਸ਼ਿਵਰਾਤਰੀ ਦਾ ਮਹਾ-ਉਤਸਵ ਸ਼ਰਧਾ ਭਾਵ ਨਾਲ ਮਨਾਉਣ ਲਈ ਪ੍ਰਭਾਤ ਫੇਰੀਆਂ ਦਾ ਕਾਰਜ ਨਿਰੰਤਰ ਜਾਰੀ ਹੈ। ਨੂਰਮਹਿਲ ਦੇ ਸ਼ਿਵ ਭਗਤ ਆਪਣੀ ਸ਼ਰਧਾ ਅਨੁਸਾਰ ਨਿੱਤ ਪ੍ਰਭਾਤ ਫੇਰੀ ਦਾ ਸਵਾਗਤ ਕਰਦੇ ਹਨ। ਇਸ ਨੇਕ ਕਾਰਜ ਵਿੱਚ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਨੇ ਵੀ ਹਿੱਸਾ ਪਾਇਆ ਅਤੇ ਕਲੱਬ ਪ੍ਰਧਾਨ ਲਾਇਨ ਸੋਮਿਨਾਂ ਸੰਧੂ, ਸੈਕੰਡ ਮੀਤ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ, ਪੀ.ਆਰ.ਓ ਲਾਇਨ ਦਿਨਕਰ ਸੰਧੂ, ਚੇਅਰਪਰਸਨ ਲਾਇਨ ਬਬਿਤਾ ਸੰਧੂ ਅਤੇ ਲਾਇਨ ਜਸਪ੍ਰੀਤ ਕੌਰ ਸੰਧੂ ਨੇ ਨੰਨ੍ਹੇ ਬਾਲਕ ਸ਼ਿਵਵੰਸ਼ ਸੰਧੂ ਦੀ ਖ਼ੁਸ਼ੀ ਵਿਚ ਪ੍ਰਭਾਤ ਫੇਰੀ ਆਪਣੇ ਘਰ ਬੁਲਾਈ ਅਤੇ ਭਗਵਾਨ ਸ਼ਿਵ ਸ਼ੰਕਰ ਜੀ ਦੀ ਆਰਤੀ ਉਤਾਰੀ, ਬੜੇ ਸ਼ਰਧਾ ਭਾਵ ਨਾਲ ਪ੍ਰਭਾਤ ਫੇਰੀ ਵਿੱਚ ਸ਼ਾਮਿਲ ਸ਼ਿਵ ਭਗਤਾਂ ਦਾ ਫੁੱਲਾਂ ਦੀ ਬਰਸਾਤ ਕਰਕੇ ਸਵਾਗਤ ਕੀਤਾ, ਵੱਖ ਵੱਖ ਤਰ੍ਹਾਂ ਦਾ ਪ੍ਰਸ਼ਾਦ ਵਿਤਰਤ ਕਰਕੇ ਨੱਚ ਟੱਪ ਕੇ ਸ਼ਿਵ ਕਿਰਪਾ ਦਾ ਇਜ਼ਹਾਰ ਕੀਤਾ। ਇਸ ਮੌਕੇ ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਨੇ ਪ੍ਰਭਾਤ ਫੇਰੀ ਵਿੱਚ ਸ਼ਾਮਲ ਸਮੂਹ ਸੰਗਤਾਂ ਨੂੰ ਜੀ ਆਇਆਂ ਕਹਿ ਕੇ ਮਹਾ ਸ਼ਿਵਰਾਤਰੀ ਉਤਸਵ ਦੀਆਂ ਵਧਾਈਆਂ ਦਿੰਦੇ ਹੋਏ ਮਿਤੀ 8 ਮਾਰਚ ਦਿਨ ਸ਼ੁਕਰਵਾਰ ਨੂੰ ਦੁਪਹਿਰ 2 ਵਜੇ ਸਤਿਆ ਨਰਾਇਣ ਮੰਦਰ ਤੋਂ ਸ਼ੁਰੂ ਹੋਣ ਵਾਲੀ ਸ਼ੋਭਾ ਯਾਤਰਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਇਸ ਵਾਰ ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਵੱਲੋਂ 19ਵੀਂ ਸ਼੍ਰੀ ਅਮਰਨਾਥ ਯਾਤਰਾ ਕਰਵਾਈ ਜਾਵੇਗੀ ਜੋ ਭਗਤਜਨ 15 ਮਾਰਚ ਤੱਕ ਸੀਟਾਂ ਦੀ ਬੁਕਿੰਗ ਕਰਵਾਏਗਾ ਉਸ ਲਈ ਯਾਤਰਾ ਬਿਲਕੁਲ ਫ੍ਰੀ ਹੋਵੇਗੀ ।ਇਸ ਮੌਕੇ ਮੰਦਰ ਕਮੇਟੀ ਦੇ ਸੇਵਾਦਾਰ ਟੇਕ ਚੰਦ ਢੀਂਗਰਾ, ਕਿਰਪਾਲ ਬੌਬੀ, ਤਰਨਪ੍ਰੀਤ ਲਿਲੀ, ਅਸ਼ੋਕ ਕਾਲੜਾ, ਕਾਲਾ ਜੂਸ ਵਾਲਾ, ਅਨੁਰਾਗ ਸੰਧੀਰ ਤੋਂ ਇਲਾਵਾ ਸੀਤਾ ਰਾਮ ਸੋਖਲ, ਕਾਮਨੀ ਸੋਖਲ, ਸੀਮਾ ਢੀਂਗਰਾ, ਸੁਰਿੰਦਰ ਸੋਖਲ, ਰੋਜ਼ੂ, ਰਮਾ ਸੋਖਲ, ਅਨੀਤਾ ਸ਼ਰਮਾਂ, ਗੁਰਛਾਇਆ ਸੋਖਲ, ਗੁਰਅੰਸ਼ ਸੋਖਲ ਤੋਂ ਇਲਾਵਾ ਕਰੀਬ 250 ਦੇ ਕਰੀਬ ਹੋਰ ਸ਼ਿਵ ਭਗਤ ਸ਼ਾਮਿਲ ਹੋਏ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਥ ਰਤਨ ਫਕਰ ਏ ਕੌਮ ਪ੍ਰਕਾਸ਼ ਸਿੰਘ ਬਾਦਲ ਦੀ ਪਹਿਲੀ ਬਰਸੀ ਸਮਾਗਮ ਮੌਕੇ ਵੱਡੇ ਜਥਿਆਂ ਦੇ ਨਾਲ ਕਰਾਂਗੇ ਸ਼ਿਰਕਤ - ਧਾਲੀਵਾਲ, ਬਾਜਵਾ





**ਗੁਰੂਸਰ ਸੁਧਾਰ (ਗੁਰਜੰਟ ਸਿੰਘ ਖਾਲਸਾ)**- ਪੰਥ ਰਤਨ ਫਕਰ ਏ ਕੌਮ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੀ ਪਹਿਲੀ ਬਰਸੀ ਸਮਾਗਮ ਜੋ ਕਿ 10 ਮਾਰਚ ਨੂੰ ਪਿੰਡ ਬਾਦਲ ਵਿਖੇ ਕਰਵਾਇਆ ਜਾ ਰਿਹਾ ਹੈ ਬਾਰੇ ਗੱਲਬਾਤ ਕਰਦੇ ਹੋਏ ਯੂਥ ਅਕਾਲੀ ਦਲ ਕੌਰ ਕਮੇਟੀ ਮੈਂਬਰ ਪ੍ਰਭਜੋਤ ਸਿੰਘ ਧਾਲੀਵਾਲ ਅਤੇ ਦਿਹਾਤੀ ਜਿਲਾ ਯੂਥ ਪ੍ਰਧਾਨ ਬਲਕਰਨ ਸਿੰਘ ਬਾਜਵਾ ਨੇ ਕਿਹਾ ਕਿ ਬਾਦਲ ਸਾਹਿਬ ਜੀ ਦੇ ਬਰਸੀ ਸਮਾਗਮ ਦੌਰਾਨ ਵੱਡੇ ਜੱਥਿਆਂ ਦੇ ਨਾਲ ਸ਼ਿਰਕਤ ਕੀਤੀ ਜਾਵੇਗੀ ਕਿਉਂਕਿ ਉਹ ਗਰੀਬਾਂ ਦੇ ਮਸੀਹਾ ਵਜੋਂ ਤਾਂ ਜਾਣੇ ਜਾਂਦੇ ਹੀ ਹਨ ਬਲਕਿ ਰਾਜਨੀਤੀ ਦੇ ਵਿੱਚ ਵੀ ਉਹਨਾਂ ਨੂੰ ਬਾਬਾ ਬੋਹੜ ਦਾ ਰੁਤਬਾ ਮਿਲਿਆ ਹੈ ਧਾਲੀਵਾਲ ਅਤੇ ਬਾਜਵਾ ਨੇ ਅੱਗੇ ਕਿਹਾ ਕਿ ਸਰਦਾਰ ਪ੍ਰਕਾਸ਼ ਸਿੰਘ ਬਾਦਲ ਜੀ ਦੀਆਂ ਪੰਜਾਬ ਵਾਸੀਆਂ ਨੂੰ ਬਹੁਤ ਵੱਡੀਆਂ ਦੇਣਾ ਹਨ ਕਿਉਂਕਿ ਉਹਨਾਂ ਨੇ ਆਪਣੇ ਕਾਰਜਕਾਲ ਦੇ ਵਿੱਚ ਹੀ ਪੰਜਾਬ ਨੂੰ ਹਨੇਰੇ ਦੇ ਵਿੱਚੋਂ ਕੱਢ ਕੇ ਤਰੱਕੀ ਦੇ ਰਸਤੇ ਵੱਲ ਲਿਆਂਦਾ ਸੀ ਇਸ ਮੌਕੇ ਉਹਨਾਂ ਸਮੂਹ ਨੌਜਵਾਨ ਵੀਰਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਐਸੇ ਮਸੀਹਾ ਦੀ ਯਾਦ ਵਿੱਚ ਹੋਣ ਵਾਲੇ ਸਮਾਗਮਾਂ ਦੌਰਾਨ ਸਾਨੂੰ ਸਾਰਿਆਂ ਨੂੰ ਹੀ ਵੱਡੇ ਕਾਫਲਿਆਂ ਸਮੇਤ ਪਹੁੰਚਣਾ ਚਾਹੀਦਾ ਹੈ !

ਆਵਾਜ਼ਿ ਕੌਮ AWAZE QAUM International Newspaper & WEB TV

# ਸੱਤਿਆ ਭਾਰਤੀ ਸਕੂਲ ਪੁਰਾਣਾ ਤਨੇਨ ਵਿੱਚ ਮੈਡੀਕਲ ਕੈਂਪ ਲਗਾਇਆ



**ਚੌਕ ਮਹਿਤਾ, 8 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੱਤਿਆ ਭਾਰਤੀ ਪੁਰਾਣਾ ਤਨੇਨ ਸਕੂਲ ਵਿੱਚ ਬੱਚਿਆਂ ਨੂੰ ਚੈਕਅੱਪ ਕਰਨ ਲਈ ਇੱਕ ਵਿਸੇਸ ਕੈਂਪ ਸਕੂਲ ਦੀ ਮੈਂਜਮੈਟ ਅਤੇ ਮੁੱਖ ਅਧਿਆਪਕਾਂ ਸ੍ਰੀ ਮਤੀ ਮੈਡਮ ਹਰਜਿੰਦਰ ਕੌਰ, ਕਲੱਸਟਰ ਕੋਆਰਡੀਨੇਟ ਸ, ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਕੈਂਪ ਲਗਾਇਆ ।ਤੇਗ ਹਸਪਤਾਲ ਘੁਮਾਣ ਰੋਡ ਨੇੜੇ ਪਟਰੋਲ ਪੰਪ ਚੌਕ ਮਹਿਤਾ ਡਾ, ਜਸਵੰਤ ਸਿੰਘ ਭਿੰਡਰ ਐਮ, ਬੀ, ਬੀ, ਐਸ, ਐਮ, ਐਸ ਕੰਨ ਨੱਕ ਗੱਲੇ ਦੇ ਮਾਹਿਰ,ਡਾ, ਹਿਰਦੇਪਾਲ ਸਿੰਘ ਐਮ, ਡੀ ਐਮ ਬੀ ਮੈਡੀਸ਼ਨ ਹਾਰਟ ਸਪੈਸਲਿਸਟ ਡਾ, ਜਸਨਦੀਪ ਕੌਰ ਐਮ, ਬੀ, ਬੀ ਐਸ,ਜਨਾਨਾ ਰੋਗ ਦੇ ਮਾਹਿਰ ਡਾ, ਜਸਪਾਲ ਸਿੰਘ ਚੱਠਾ ਐਮ, ਐਸ,ਸਰਜਰੀ ,ਉਪਰੇਸਨਾ ਦੇ ਮਾਹਿਰ ਡਾਗਟਰਾ ਤਕਰੀਬਨ 200 ਬੱਚਿਆਂ ਦਾ ਚੈਕਅੱਪ ਕੀਤਾ ਗਿਆ। ਚੈਕਅੱਪ ਦੌਰਾਨ ਬੱਚਿਆਂ ਵਿੱਚ ਐਰਨ ਦੀ ਕਮੀ ਹੋਣ ਕਾਰਣ ਬੱਚਿਆਂ ਨੂੰ ਚੰਗਾ ਪੋਸਿਟਕ ਭੋਜਨ ਅਤੇ ਖਾਸ ਕਰਕੇ ਸਾਫ ਸਫਾਈ ਦਾ ਧਿਆਨ ਰੱਖਣ ਲਈ ਦੱਸਿਆ ਗਿਆ। ਵਾਰ ਵਾਰ ਸਾਬਣ ਨਾਲ ਹੱਥ ਧੌਣ ਲਈ ਪੇਰਿਤ ਕੀਤਾ ਗਿਆ। ਇਸ ਦੌਰਾਨ ਡਾਗਟਰਾ ਦੀ ਮਾਹਿਰ ਟੀਮ ਤੋਂ ਇਲਾਵਾ ਸ, ਸੁਖਵਿੰਦਰ ਸਿੰਘ ਸੀ ਸੀ ਸਕੂਲ ਦੀ ਮੁੱਖੀ ਮੈਡਮ ਹਰਜਿੰਦਰ ਕੌਰ,ਵਿਭਾ ਸਰਮਾ,ਗੁਰਪਰੀਤ ਕੌਰ,ਲਵਜੀਤ ਕੌਰ,ਲਵ ਪਰੀਤ ਕੌਰ, ਰੁਪਿੰਦਰ ਕੌਰ, ਕਿਰਨਦੀਪ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਨਪੁਰ ਸਿੱਖ ਕਤਲੇਆਮ ਮਾਮਲੇ 'ਚ ਦੋਸ਼ੀਆਂ ਲਈ ਸਜ਼ਾ ਯਕੀਨੀ ਬਣਾਉਣ ਸੰਬੰਧੀ ਸੁਪਰੀਮ ਕੋਰਟ ਵੱਲੋਂ ਲਿਆ ਗਿਆ ਅਹਿਮ ਫ਼ੈਸਲਾ : ਕੁਲਦੀਪ ਸਿੰਘ ਭੋਗਲ



ਨਵੀਂ ਦਿੱਲੀ, 8 ਮਾਰਚ (ਮਨਪ੍ਰੀਤ ਸਿੰਗਜ ਖਾਲਸਾ): ਅਖਿਲ ਭਾਰਤੀ ਦੰਗਾ ਪੀੜ੍ਹਤ ਰਾਹਤ ਕਮੇਟੀ 1984 ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਜੱਥੇਦਾਰ ਕੁਲਦੀਪ ਸਿੰਘ ਭੋਗਲ ਨੇ ਪ੍ਰੈਸ ਨੂੰ ਜਾਰੀ ਬਿਆਨ ਵਿਚ ਦੱਸਿਆ ਹੈ ਕਿ ਕਾਨਪੁਰ ਸਿੱਖ ਕਤਲੇਆਮ ਮਾਮਲੇ 'ਚ ਮਾਣਯੋਗ ਸੁਪਰੀਮ ਕੋਰਟ ਵੱਲੋਂ ਅਹਿਮ ਫ਼ੈਸਲਾ ਲਿਆ ਗਿਆ ਹੈ।ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਮਾਣਯੋਗ ਬੈਂਚ ਵੱਲੋਂ ਅਹਿਮ ਦਿਸ਼ਾ-ਨਿਰਦੇਸ਼ ਦਿੰਦਿਆਂ ਹੁਕਮ ਜਾਰੀ ਕੀਤਾ ਕਿ ਕਾਨਪੁਰ ਸਿੱਖ ਕਤਲੇਆਮ ਦੇ ਮਾਮਲੇ ਵਿਚ ਦਾਇਰ ਚਾਰਜਸ਼ੀਟ ਵਿਚ ਯੂ.ਪੀ ਸਰਕਾਰ ਵਲੋਂ ਇਕ ਤਜਰਬੇਕਾਰ ਵਕੀਲ ਦੀ ਨਿਯੁਕਤੀ ਕੀਤੀ ਜਾਵੇ ਤਾਂ ਜੋ ਇਸ ਮਾਮਲੇ ਦੀ ਸੁਣਵਾਈ ਅਤੇ ਦੋਸ਼ੀਆਂ ਲਈ ਸਜ਼ਾ ਯਕੀਨੀ ਬਣਾਈ ਜਾ ਸਕੇ। ਸਰਦਾਰ ਭੋਗਲ ਨੇ ਦੱਸਿਆ ਕਿ ਮਾਣਯੋਗ ਅਦਾਲਤ ਵੱਲੋਂ ਸਰਕਾਰ ਨੂੰ ਪ੍ਰਯਾਗਰਾਜ ਹਾਈਕੋਰਟ ਵਿੱਚ ਪਹਿਲਾਂ ਖਾਰਜ ਹੋਏ ਚਾਰ ਕੇਸਾਂ ਵਿੱਚ ਕੇਸ ਲੜਨ ਲਈ ਵੀ ਢੁੱਕਵੇਂ ਪ੍ਰਬੰਧ ਕਰਨ ਲਈ ਕਿਹਾ ਹੈ ਅਤੇ ਕਿਹਾ ਹੈ ਦੋ ਹਫ਼ਤਿਆਂ ਦੇ ਅੰਦਰ-ਅੰਦਰ ਅਪੀਲਾਂ ਦਾਇਰ ਕਰਨ ਦੀ ਕਾਰਵਾਈ ਕਰੇ। ਇਸ ਦੇ ਨਾਲ ਹੀ ਸੁਪਰੀਮ ਕੋਰਟ ਨੇ ਪਟੀਸ਼ਨਰ ਕੁਲਦੀਪ ਸਿੰਘ ਭੋਗਲ ਅਤੇ ਉਨ੍ਹਾਂ ਦੇ ਵਕੀਲਾਂ ਸ਼੍ਰੀ ਪ੍ਰਸੂਨ ਕੁਮਾਰ ਅਤੇ ਗੁਰਬਖਸ਼ ਸਿੰਘ ਨੂੰ ਇਸ ਮਾਮਲੇ ਵਿੱਚ ਅਦਾਲਤ ਨੂੰ ਕੋਈ ਬਦਲਵਾਂ ਨਾਂ ਸੁਝਾਉਣ ਅਤੇ ਰਿਪੋਰਟ 'ਤੇ ਆਪਣਾ ਵਿਰੋਧ ਦਰਜ ਕਰਵਾਉਣ ਲਈ ਦੋ ਹਫ਼ਤਿਆਂ ਦਾ ਸਮਾਂ ਦਿੱਤਾ ਹੈ। ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਯੂ.ਪੀ ਸਰਕਾਰ ਵੱਲੋਂ ਕੰਪਲਾਇੰਸ ਰਿਪੋਰਟ ਦਰਜ ਕੀਤੀ ਗਈ ਜਿਸ ਵਿਚ 9 ਮਾਮਲਿਆਂ ਵਿਚ ਜਾਂਚ ਨੂੰ ਬੰਦ ਕਰਨ, 11 ਮਾਮਲਿਆਂ 'ਚ ਚਾਰਜਸ਼ੀਟ ਦਾਖਲ ਕਰਨ ਅਤੇ 4 ਮਾਮਲਿਆਂ ਵਿਚ ਅਪੀਲ ਦਰਜ ਕਰਨ ਦੀ ਗੱਲ ਕਹੀ ਹੈ। ਸਰਦਾਰ ਭੋਗਲ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮਾਂ ਨਾਲ ਕੇਸ ਦੀ ਕਾਰਵਾਈ ਨੂੰ ਲੈ ਕੇ ਭਰੋਸਾ ਵਧਿਆ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿੱਲੀ ਇੰਚਾਰਜ ਸੁਰਿੰਦਰਪਾਲ ਸਿੰਘ ਸਮਾਣਾ ਵੀ ਮਾਣਯੋਗ ਸੁਪਰੀਮ ਕੋਰਟ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਮਿਸਲ ਸਤਲੁਜ ਨੇ ਰਾਜਪੁਰਾ ਤੋਂ ਸ਼ੰਭੂ ਬਾਰਡਰ ਤੱਕ

# ਕਿਸਾਨਾਂ ਦੇ ਹੱਕ ਵਿੱਚ ਵਿਸ਼ਾਲ ਕਾਰ ਰੈਲੀ ਕੱਢੀ



ਫ਼ਿਰੋਜ਼ਪੁਰ, 8 ਮਾਰਚ (ਮਨੋਹਰ ਲਾਲ) :— ਸਮਾਜਿਕ—ਸਿਆਸੀ ਸੰਗਠਨ ਮਿਸਲ ਸਤਲੁਜ ਵੱਲੋਂ ਧਰਨਾਕਾਰੀ ਕਿਸਾਨਾਂ ਦੇ ਸਮਰਥਨ ਵਿੱਚ ਇੱਕ ਵਿਸ਼ਾਲ ਕਾਰ ਰੈਲੀ ਕੱਢੀ ਗਈ। ਮਿਸਲ ਸਤਲੁਜ ਦੇ ਮੈਂਬਰ ਪੰਜਾਬ ਦੇ ਵੱਖ—ਵੱਖ ਸਥਾਨਾਂ ਜਿਵੇਂ ਕਿ ਮੋਹਾਲੀ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਰੂਪਨਗਰ, ਬਠਿੰਡਾ ਅਤੇ ਨਵਾਂਸ਼ਹਿਰ ਤੋਂ ਜੁੜੇ ਅਤੇ ਰਾਜਪੁਰਾ ਚ ਇਕੱਠੇ ਹੋ ਕੇ ਸ਼ੰਭੂ ਬਾਰਡਰ ਵੱਲ ਇੱਕ ਜਲੂਸ ਵਿੱਚ ਅੱਗੇ ਵਧੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸਲ ਸਤਲੁਜ ਦੇ ਜਰਨਲ ਸਕੱਤਰ ਦੇਵਿੰਦਰ ਸਿੰਘ ਸੇਖੋਂ ਨੇ ਅਰਦਾਸ ਕਰ ਹਕੂਮਤ ਸਿੰਘ ਆਲੇ ਤੋਂ ਚਲਦੇ ਹੋਏ ਦੱਸਿਆ ਕਿ ਮਿਸਲ ਸਤਲੁਜ ਕੇਡਰ ਦੀਆਂ ਸੈਂਕੜੇ ਕਾਰਾਂ ਪੰਜਾਬ ਭਰ ਤੋਂ ਕਿਸਾਨਾਂ ਨਾਲ ਇਕਜੁੱਟਤਾ ਦਿਖਾਉਣ ਲਈ ਪਹੁੰਚ ਰਹੀਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਹ ਕਿਸਾਨਾਂ ਦਾ ਸਮਰਥਨ ਕਰਦੇ ਹਨ ਅਤੇ ਮੰਨਦੇ ਹਨ ਕਿ ਇਸ ਮੁੱਦੇ ਨੂੰ ਹੱਲ ਕਰਨ ਲਈ ਖੇਤਰੀ ਦਲਾਂ ਦੀ ਭੂਮਿਕਾ ਜ਼ਰੂਰੀ ਹੈ। ਇਸ ਦਿਸ਼ਾ ਵਿੱਚ ਮਿਸਲ ਸਤਲੁਜ ਇਸ ਪਾੜੇ ਨੂੰ ਘਟਾਉਣ ਵਿਚ ਆਪਣਾ ਪੂਰਾ ਯੋਗਦਾਨ ਅਤੇ ਸਹਿਯੋਗ ਦਿੰਦੀ ਰਹੇਗੀ। ਸ੍ਰੀ ਦਵਿੰਦਰ ਸਿੰਘ ਸੇਖੋਂ ਦੇ ਨਾਲ ਗਗਨ ਸਿੱਧੂ ਭਾਈ ਭਗਤਾ ਤੋਂ ਅਤੇ ਹਰਦੀਪ ਸਿੰਘ ਡੋਡ ਫਰੀਦਕੋਟ ਤੋਂ ਵੱਡਾ ਜੱਥਾ ਲੈਕੇ ਸ਼ਾਮਿਲ ਹੋਏ। ਇਸ ਮੌਕੇ ਤੇ ਬਾਬਾ ਅਵਤਾਰ ਸਿੰਘ ਸਾਧਾਂਵਾਲਾ, ਸੁਖਜਿੰਦਰ ਸਿੰਘ ਰਾਏ, ਰਛਪਾਲ ਸਿੰਘ ਸਰਾਂ, ਗੁਰਪ੍ਰੇਮ ਸਿੰਘ ਟੀਟੂ, ਗੁਰਬੀਰ ਸਿੰਘ ਬੱਬੂ, ਲਫਟੈਨ ਸਿੰਘ ਉੱਗੋਕੇ, ਕੇਵਲ ਸਿੰਘ ਵਾਂ, ਮਨਜੀਤ ਸਿੰਘ ਸਰਾਂ, ਸਰਬਜੀਤ ਸਿੰਘ ਮੱਲੀ, ਸ਼ਿੰਦਰ ਸਿੰਘ ਸ਼ਿੰਦਾ ਬਰਾੜ, ਜਸਪ੍ਰੀਤ ਸਿੰਘ ਮਿੰਟਾ, ਗੁਰਜੀਤ ਸਿੰਘ ਸਰਾਂ, ਜਸਪ੍ਰੀਤ ਸਿੰਘ ਫਰੀਦਕੋਟ, ਮਨਪ੍ਰੀਤ ਸਿੰਘ ਸਰਾਂ, ਬੌਬੀ ਸਰਾਂ, ਰੇਸ਼ਮ ਸਿੰਘ, ਜਗਦੇਵ ਸਿੰਘ ਫੌਜੀ, ਸੁਖਵਿੰਦਰ ਸਿੰਘ ਸੰਘਾ, ਦਿਲਜੀਤ ਰੰਧਾਵਾ, ਗੁਰਭੇਜ ਗਿੱਲ, ਨਿਰਭੈ ਗਿੱਲ, ਰਾਜਪਾਲ ਗਿੱਲ, ਕੰਵਰਜੀਤ ਸਿੰਘ, ਜਗਦੇਵ ਸਿੰਘ ਦੁਸਾਂਝ, ਭਗਵੰਤ ਸਿੰਘ, ਗੁਰਜੀਤ ਸਿੰਘ ਸਰਾਂ, ਗੁਰਪ੍ਰੀਤ ਸਿੰਘ ਖੋਸਾ, ਸ਼ਿਵਪ੍ਰੀਤ ਸਿੰਘ ਖੋਸਾ, ਮਨਦੀਪ ਸਿੰਘ ਬਰਾੜ, ਕੁਲਦੀਪ ਸਿੰਘ ਬਰਾੜ ਕੀਪਾ ਫਿੱਡਾ, ਬਬਲਾ ਸਰਪੰਚ ਭੋਲੂਵਾਲਾ, ਜਸਵਿੰਦਰ ਸਿੰਘ ਖੋਸਾ, ਹਰਜਿੰਦਰ ਸਿੰਘ ਖੋਸਾ, ਜੋਤ ਬੈਂਸ, ਬੱਬੂ ਬਰਾੜ ਸਮਾਲਸਰ, ਕਾਰਜ ਸਿੰਘ ਅਰਾਈਆਂਵਾਲਾ, ਅਵਤਾਰ ਸਿੰਘ ਔਲਖ ਆਦਿ ਕਾਫਲੇ ਵਿੱਚ ਸਾਥੀਆਂ ਸਮੇਤ ਹਾਜ਼ਰ ਹੋਏ।



### ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ

# ਇੰਟਰਨੈਸ਼ਨਲ ਵੋਮੈਨ ਡੇ ਮਨਾਇਆ



ਫ਼ਿਰੋਜ਼ਪੁਰ, 8 ਮਾਰਚ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਅੱਜ ਬਿਰਧ ਆਸ਼ਰਮ (ਰਾਮ ਬਾਗ) ਫ਼ਿਰੋਜ਼ਪੁਰ ਛਾਉਣੀ ਵਿਖੇ ਵੋਮੈਨ ਇੰਟਰਨੈਸ਼ਨਲ ਡੇ ਸ੍ਰੀ ਦੀਵਾਨ ਚੰਦ ਸੁਖੀਜਾ ਚੇਅਰਮੈਨ ਦੀ ਅਗਵਾਈ ਹੇਠ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਬਿਰਧ ਆਸ਼ਰਮ ਵਿਚ ਰਹਿ ਰਹੀਆਂ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਭ ਲਈ ਚਾਹ—ਪਾਣੀ ਦਿੱਤਾ ਗਿਆ। ਇਸ ਮੌਕੇ ਪਰਮਿੰਦਰ ਸਿੰਘ ਪਿੰਕੀ, ਡਾਕਟਰ ਪ੍ਰੇਮ ਲਤਾ ਸੂਦ, ਡਾਕਟਰ ਬੀ.ਬੀ ਸ਼ਰਮਾ, ਰਾਜਿੰਦਰ ਗਿਰਧਰ, ਮੁਨੀਸ਼ ਸ਼ਰਮਾ ਡੀ.ਸੀ.ਬੀ ਬੈਂਕ, ਰਾਮ ਕਿਸ਼ੋਰ, ਰਮੇਸ਼ ਬਜਾਜ, ਸਤਪਾਲ, ਜਾਗੋਵਾਲੀਆ ਅਤੇ ਹੋਰ ਭਾਰੀ ਗਿਣਤੀ ਵਿਚ ਮੈਂਬਰ ਤੇ ਅਹੁਦੇਦਾਰ ਹਾਜ਼ਰ ਸਨ।

# ਖਾਲਸਾ ਅਕੈਡਮੀ ਮਹਿਤਾ ਵਿਖੇ ਨਵੇਂ ਦਾਖਲਿਆਂ ਲਈ ਵਜ਼ੀਫਾ ਟੈਸਟ 19 ਮਾਰਚ 2024 ਨੂੰ ਲਿਆ ਜਾ ਰਿਹਾ ਹੈ



ਚੌਕ ਮਹਿਤਾ 8 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਚੌਕ ਮਹਿਤਾ ਜੋ ਕਿ ਦਮਦਮੀ ਟਕਸਾਲ ਦੇ 16 ਵੇਂ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਜੀ ਦੀ ਸਯੋਗ ਰਹਿਨਮਾਈ ਹੇਠ ਚੱਲ ਰਹੇ ਵਿੱਦਿਅਕ ਸੰਸਥਾ ਵਿਖੇ ਪ੍ਰਿੰਸੀਪਲ ਮੈਡਮ ਸੁਖਜੀਤ ਕੌਰ ਜੀ ਨੇ ਪੱਤਰਕਾਰਾ ਨੂੰ ਦੱਸਦਿਆਂ ਹੋਇਆਂ ਕਿਹਾ ਕਿ ਮਿਤੀ 14 ਮਾਰਚ 2024 ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਲੈਕੇ ਦੁਪਿਹਰ 1 ਵਜੇ ਤੱਕ ਵਜ਼ੀਫਾ ਦਾਖਲਾ ਟੈਸਟ ਲਿਆ ਜਾ ਰਿਹਾ ਹੈ। ਇਹ ਟੈਸਟ ਪਹਿਲੀ ਕਲਾਸ ਤੋਂ ਅੱਠਵੀਂ ਕਲਾਸ ਤੱਕ ਦੇ ਨਵੇਂ ਦਾਖਲਿਆਂ ਵਾਲੇ ਵਿਦਿਆਰਥੀਆਂ ਦਾ ਹੀ ਲਿਆ ਜਾਵੇਗਾ। ਇਸ ਵਜੀਫੇ ਦਾ ਇਲਾਕੇ ਦੇ ਹੋਣਹਾਰ ਵਿਦਿਆਰਥੀ ਲਾਹਾ ਲੈ ਸਕਦੇ ਹਨ। ਇਹ ਟੈਸਟ ਪੰਜਾਬੀ, ਇੰਗਲਿਸ਼, ਮੈਥਸ ਅਤੇ ਸਾਇੰਸ ਦਾ 100ਅੰਕਾ ਵਾਲਾ ਟੈਸਟ ਹੋਵੇਗਾ। ਇਸ ਵਿੱਚ 95% ਤੋਂ98% ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆ ਨੂੰ ਮੁਫ਼ਤ ਸਿੱਖਿਆ ਮੁਹੱਈਆ ਕਰਵਾਈ ਜਾਵੇਗੀ। ਇਹ ਵਜ਼ੀਫਾ ਹਰੇਕ ਕਲਾਸ ਵਿੱਚ ਇੱਕ ਹੀ ਵਿਦਿਆਰਥੀ ਨੂੰ ਮਿਲੇਗਾ। ਇਸ ਦੌਰਾਨ ਗਿਆਨੀ ਸਾਹਿਬ ਸਿੰਘ ਜੀ, ਪ੍ਰਿੰਸੀਪਲ ਮੈਡਮ ਸੁਖਜੀਤ ਕੌਰ, ਪ੍ਰਿੰਸੀਪਲ ਸ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਪਰਵੀਨ ਕੌਰ, ਹਰਜੀਤ ਕੌਰ, ਗੁਰਪਿੰਦਰ ਸਿੰਘ, ਮੈਡਮ ਹਰਮੀਤ ਕੌਰ, ਮੈਡਮ ਤਾਨੀਆ ਮਾਨ, ਗੁਰਜੀਤ ਕੌਰ, ਅਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਇਸਤਰੀ ਦਿਵਸ ਤੇ ਸ਼ਿਵਰਾਤਰੀ ਦਾ ਇਕੱਠਾ ਆਉਣਾ ਇਸਤਰੀ ਜਾਤੀ ਲਈ ਵਰਦਾਨ—ਦਰਸ਼ਨਾ ਦੇਵੀ ਸੈਂਟਰ ਹੈਡ ਟੀਚਰ



ਫ਼ਿਰੋਜ਼ਪੁਰ, 8 ਮਾਰਚ (ਮਨੋਹਰ ਲਾਲ) :— ਸ਼ਿਵਰਾਤਰੀ ਤੇ ਇਸਤਰੀ ਦਿਵਸ ਦਾ ਇਕੱਠੇ ਆਉਣਾ ਜਿਥੇ ਵਰਦਾਨ, ਉਥੇ ਇਕ ਮਨੁੱਖਤਾ ਲਈ ਖਾਸ ਤੌਰ ਤੇ ਇਸਤਰੀ ਜਾਤੀ ਲਈ ਆਦੇਸ਼, ਸੰਦੇਸ਼ ਤੇ ਫਰਜ਼ਾਂ ਜਾਂ ਪੈਗਾਮ। ਇਹ ਵਿਚਾਰ ਸਾਂਝੇ ਕਰਦਿਆਂ ਸ੍ਰੀਮਤੀ ਦਰਸ਼ਨਾ ਦੇਵੀ ਨੇ ਕਿਹਾ ਕਿ ਆਪਣੇ ਜੀਵਨ ਦੀ ਗਾਥਾ ਭਾਵ ਹੱਡ ਬੀਤੀ, ਜੱਗ ਬੀਤੀ ਨਹੀਂ ਆਪਣੇ ਜੀਵਨ ਦਾ ਜਨਮ, ਬਚਪਣਾ, ਵਿਦਿਆਰਥੀ ਜੀਵਨ ਆਪਣੇ ਕਰਮ ਕਰੁਸਤਰੇ ਧਰਮ ਕੁਸੇਤਰੇ, ਗ੍ਰਿਸਤੀ ਜੀਵਨ ਬਤੌਰ ਅਧਿਕਾਰੀ, ਕਰਮਚਾਰੀ ਜਨਤਾ ਸਾਥੀਆਂ ਨਾਲ ਤਾਲਮੇਲ ਉਨ੍ਹਾਂ ਵਿਚ ਇਕ ਕੜੀ ਦਾ ਕੰਮ ਕਰਦੇ ਹੋਏ ਹੁਣ ਨੌਕਰੀ ਤੋਂ ਫਾਰਗ ਪਿਛਲੇ 20—21 ਸਾਲਾਂ ਦਾ ਸਮਾਂ ਜ਼ੋ ਘਰੇਲੂ ਸਰਕਾਰੀ ਜਿੰਮੇਵਾਰੀਆਂ ਤੋਂ ਫਾਰਗ ਹੋਣ ਮਗਰੋਂ ਸ੍ਰੀਮਤੀ ਦਰਸ਼ਨੀ ਦੇਵੀ ਜ਼ੋ ਟੀਚਰ ਤੋਂ ਸੈਂਟਰ ਹੈਡ ਟੀਚਰ ਸੇਵਾ ਮੁਕਤੀ ਮਗਰੋ ਇਕ ਆਜ਼ਾਦੀ ਪੰਛੀ ਦੀ ਤਰ੍ਹਾਂ ਜ਼ੋ ਗੁਲਾਮੀ ਵਿਚ ਪਿੰਜਰੇ ਵਿਚ ਅਨੇਕਾਂ ਖਾਣ—ਪੀਣ ਰਹਿਣ ਸਹਿਣ ਦੀ ਸੁਵਿਧਾ ਵਾ ਪ੍ਰਾਪਤ ਹੋਣ ਦੇ ਬਾਵਜੂਦ ਕਰ ਰਿਹਾ ਹੈ, ਪ੍ਰਧਾਨ ਨੂੰ ਸੁੱਖ ਨਹੀਂ ਮਿਲਦਾ ਸੁਪਨੇ ਵਿਚ ਭਾਈ ਬੰਦੀ ਵਿਚ ਜੰਜੀਰ ਆਤਮਾ ਬੁੱਧੀ ਦੀ ਉਚਆਈ ਠੀਕ ਇਸ ਤਰ੍ਹਾਂ ਜਨਮ ਗੁਲਾਮੀ ਸਮੇਂ ਪਾਕਿਸਤਾਨ ਦਾ ਹੈ, ਸੂਰਤ ਸੰਭਾਲੀ ਤਿੰਨ ਸਾਲ ਦੀ ਉਮਰ ਵਿਚ ਆਜ਼ਾਦ ਭਾਰਤ ਦੇ ਸ਼ਹਿਰ ਫ਼ਿਰੋਜ਼ਪੁਰ ਵਿਚ, ਬਚਪਣ, ਵਿਦਿਆਰਥੀ, ਜਵਾਈ, ਨੌਕਰੀ, ਗ੍ਰਹਿਸਥੀ ਜੀਵਨ ਤੇ ਹੁਣ 2003 ਤੋਂ ਨੌਕਰੀ ਫਾਰਗ ਹੋਣ ਮਗਰੋਂ ਵੀ ਅੰਤਮ ਮੰਜਲ ਵੀ ਖੁਦਾ ਕਰੇ ਇਥੇ ਮਿਲੇ, ਇਸ ਸਾਰੇ ਜੀਵਨ ਦੇ ਵਿਚ ਪਹਿਲਾਂ ਆਪਣੀ ਪਹਿਚਾਣ ਘਰ ਵਿਚ ਸਕੂਲ ਵਿਚ ਨੌਕਰੀ ਦੌਰਾਨ ਗ੍ਰਹਿਸਤੀ ਜੀਵਨ ਵਿਚ, ਹੁਣ ਸੇਵਾ ਮੁਕਤ ਮਗਰੋਂ ਬਤੌਰ ਮਾਤਾ ਪਿਤਾ ਦੀ ਸਕੂਲ ਵਿਚ ਨੌਕਰੀ ਦੌਰਾਨ, ਗ੍ਰਹਿਸਤੀ, ਸੇਵਾ ਮੁਕਤ ਹੋਣ ਦੇ ਬਾਵਜੂਦ ਹਰ ਉਹ ਫਰਜ਼ ਤੇ ਕੰਮ ਜਿਹੜੇ ਇਕ ਬੱਚੀ, ਵਿਦਿਆਰਥੀ, ਕਰਮਚਾਰੀ ਅਧਿਕਾਰੀ ਗ੍ਰਹਿਣੀ ਸੇਵਾ ਮੁਕਤੀ ਵਿਚ ਹਰ ਨਾ ਕੇਵਲ ਰਸੋਈ ਬਲਕਿ ਹਰ ਉਹ ਫਰਜ ਜ਼ੋ ਮਾਤਾ—ਪਿਤਾ, ਅਧਿਆਪਕ, ਨੌਕਰੀ ਦੌਰਾਨ ਸਾਥੀਆਂ, ਅਧਿਕਾਰੀਆਂ ਕਰਮਚਾਰੀਆਂ, ਜਨਤਾ ਪ੍ਰਤੀ ਜੀਵਨ ਸਾਥੀ, ਬੱਚਿਆਂ ਪ੍ਰਤੀ ਸਮੁੱਚੇ ਪੇਕੇ—ਸਹੁਰੇ ਨਹੀਂ ਬਲਕਿ ਸਮੂਚੀ ਬਰਾਦਰੀ, ਸਮਾਜ, ਦੇਸ਼ ਪ੍ਰਤੀ ਜਿੰਮੇਵਾਰੀਆਂ ਇਕ ਹੋਣਹਾਰ ਕਰਮਯੋਗੀ ਗ੍ਰਹਿਣੀ, ਮਾਂ, ਨਾਨੀ, ਦਾਦੀ, ਸਮਾਜ ਵਿਚ ਇਕ ਆਦਰਸ਼ ਇਸਤਰੀ, ਸਮਾਜ ਸੇਵਕ ਗਰੀਬ ਦਾ ਮਸੀਹਾ, ਮੂੰਹ, ਗੁਰੂ ਕੀ ਗੋਲਕ, ਨੰਗੇ ਨੂੰ ਕਪੜਾ, ਭੁੱਖੇ ਨੂੰ ਰੋਟੀ ਹਰ ਲੋੜਵੰਦ ਨੂੰ ਯਥਾ ਸ਼ਤੀ ਹਰ ਉਸ ਬੱਚੇ, ਵਿਧਵਾ, ਬੇਸਹਾਰਾ, ਯਤੀਮ ਨੂੰ ਪੜ੍ਹਾਈ—ਲਿਖਾਈ, ਪੈਰਾਂ ਤੇ ਖੜ੍ਹੇ ਕਰਨ, ਜਿਥੇ ਆਪਣੀਆਂ ਤਿੰਨ ਬੱਚੀਆਂ ਭਰਾ ਤੇ ਭਰਾ ਦੇ ਬੱਚਿਆਂ, ਮਾਂ ਬਾਪ, ਪੇਕੇ ਸਹੁਰੇ ਜਿਹੜੇ ਦੋਨੋਂ ਪਰਿਵਾਰ ਵਿਚ ਹੋਰ ਪਿਆਰ ਮੇਲ ਮਿਲਾਪ ਤੇ ਹੋਣ ਵਿਚ ਮੱਦਦ ਕਰਣ ਸਾਰੇ ਕੰਮ ਤਨਦੇਹੀ ਨਾਲ ਪਰਿਵਾਰ, ਸਮਾਜ, ਦੇਸ਼ ਨੂੰ ਚੰਗੇ ਬੱਚੇ, ਸ਼ਹਿਰੀ ਪ੍ਰਦਾਨ ਕਰ ਅੱਜ ਇਕ ਮਨ ਨਾਲ ਕਹਿ ਸਕਦੀ ਹੈ, ਪਹਿਲ ਡਿਜਰਵੇ ਫਿਰ ਡੀਜਾਇਰ ਬਣਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਾਬਕਾ ਅੰਬੈਸਡਰ ਤਰਨਜੀਤ ਸਿੰਘ ਸੰਧੂ ਨੇ ਪਿੰਡ ਖਾਨ ਕੋਟ ਵਿਖੇ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ

# ਅੱਜ ਜੋ ਕੁਝ ਵੀ ਹਾਂ ਮਾਤਾ ਜਗਜੀਤ ਕੌਰ ਸੰਧੂ ਦੀ ਬਦੌਲਤ ਹਾਂ - ਤਰਨਜੀਤ ਸਿੰਘ ਸੰਧੂ

### ਕਿਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਔਰਤਾਂ ਨੂੰ ਬਰਾਬਰੀ ਅਤੇ ਸਤਿਕਾਰ ਦਿਵਾਉਣ ਲਈ ਵਚਨਬੱਧ ਹਨ









**ਅੰਮ੍ਰਿਤਸਰ 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਿਚ ਭਾਰਤੀ ਰਾਜਦੂਤ ਰਹੇ ਸਰਦਾਰ ਤਰਨਜੀਤ ਸਿੰਘ ਸੰਧੂ ਵੱਲੋਂ ਅੱਜ ਅੰਮ੍ਰਿਤਸਰ ਨਜ਼ਦੀਕ ਪਿੰਡ ਖਾਨ ਕੋਟ ਦੇ ਆਪਣੇ ਗ੍ਰਹਿ ਵਿਖੇ ਪਿੰਡ ਦੀਆਂ ਮਹਿਲਾਵਾਂ ਦੀ ਸ਼ਮੂਲੀਅਤ ਅਤੇ ਗਰਮਜੋਸ਼ੀ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਉਨ੍ਹਾਂ ਆਪਣੇ ਦਿਲ ਦੀਆਂ ਗੱਲਾਂ ਸਭ ਨਾਲ ਸਾਂਝੀਆਂ ਕੀਤੀਆਂ ਅਤੇ ਸਮਾਜ ਨੂੰ ਔਰਤ ਨੂੰ ਸਤਿਕਾਰ, ਬਰਾਬਰ ਦੇ ਮੌਕੇ ਦੇਣ ਅਤੇ ਵਿਕਾਸ ਵਿਚ ਭਾਈਵਾਲ ਬਣਾਉਣ ਦਾ ਹੋਕਾ ਦਿੱਤਾ। ਇਸ ਮੌਕੇ ਉਨ੍ਹਾਂ ਵੱਲੋਂ ਪੇਂਡੂ ਔਰਤਾਂ ਨੂੰ ਵਧਾਈ ਦੇਣ ਤੋਂ ਇਲਾਵਾ ਉਨ੍ਹਾਂ ਨੂੰ ਸੈਂਕੜੇ ਸੂਟ ਤੋਹਫ਼ੇ ਵਜੋਂ ਦਿੱਤੇ ਗਏ ।

ਪ੍ਰੋ. ਸਰਚਾਂਦ ਸਿੰਘ ਅਨੁਸਾਰ ਇਸ ਮੌਕੇ ਉਨ੍ਹਾਂ ਆਪਣੀ ਮਾਤਾ ਸ਼੍ਰੀਮਤੀ ਜਗਜੀਤ ਕੌਰ ਸੰਧੂ ਦੀਆਂ ਯਾਦਾਂ ਨਾਲ ਸਾਂਝ ਪਾਉਂਦਿਆਂ ਭਾਵਕ ਲਹਿਜ਼ੇ ਵਿਚ ਕਿਹਾ ਕਿ ਉਹ ਅੱਜ ਜੋ ਕੁਝ ਵੀ ਹਨ ਉਹ ਸਭ ਪ੍ਰਾਪਤੀਆਂ ਮਾਤਾ ਜੀ ਅਤੇ ਉਨ੍ਹਾਂ ਦੀ ਸਿੱਖਿਆ ਤੇ ਪੜ੍ਹਾਈ ਦੀ ਦੇਣ ਹਨ। ਉਨ੍ਹਾਂ ਪਿੰਡ ਦੀਆਂ ਔਰਤਾਂ ਨੂੰ ਮੁਖ਼ਾਤਬ ਹੁੰਦਿਆਂ ਕਿਹਾ ਕਿ ਮੇਰੀ ਮਾਤਾ ਵੀ ਤੁਹਾਡੇ ਵਾਂਗ ਸਨ, ਪਰ ਉਨ੍ਹਾਂ ਪੜ੍ਹਾਈ ਦੀ ਅਹਿਮੀਅਤ ਨੂੰ ਸਮਝਿਆ ਅਤੇ ਪਿੰਡ ਤੋਂ ਬਾਹਰ ਨਿਕਲ ਕੇ ਪੜ੍ਹਾਈ ਕੀਤੀ । ਅਮਰੀਕਾ ਤੋਂ ਡਾਕਟਰੇਟ ਕਰਨ ਤੋਂ ਬਾਅਦ ਦੇਸ਼ ਪਰਤ ਕੇ ਅੰਮ੍ਰਿਤਸਰ ਵਿੱਚ ਸਰਕਾਰੀ ਕਾਲਜ ਫ਼ਾਰ ਵੁਮੈਨ ਵਿਖੇ ਸ਼ੇਵਾ ਕਰਦਿਆਂ ਪ੍ਰਿੰਸੀਪਲ ਵਜੋਂ ਸੇਵਾਮੁਕਤ ਹੋਏ। ਉਹਨਾਂ ਨੇ ਹਮੇਸ਼ਾਂ ਮੈਨੂੰ ਸੱਚੇ ਮਨ ਨਾਲ ਮਿਹਨਤ ਕਰਨ ਅਤੇ ਕੁਝ ਬਣ ਜਾਣ ਦੇ ਬਾਅਦ ਸਮਾਜ ਨੂੰ ਵਾਪਸ ਦੇਣ ਲਈ ਪ੍ਰੇਰਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਸੰਧੂ ਨੇ ਔਰਤਾਂ ਨੂੰ ਪੜ੍ਹਾਈ ਦੀ ਹੋਰ ਮਹੱਤਤਾ ਬਾਰੇ ਜਾਣੂ ਕਰਾਇਆ ਅਤੇ ਕਿਹਾ ਕਿ ਪੜ੍ਹਾਈ ਅੱਜ ਦੇ ਦੌਰ 'ਚ ਬੇਹੱਦ ਜ਼ਰੂਰੀ ਹੈ ਉਨ੍ਹਾਂ ਬਚਿਆਂ ਬਚੀਆਂ ਨੂੰ ਜ਼ਰੂਰ ਪੜਾਉਣ ਤੇ ਸਕੂਲ ਭੇਜਣ ਪ੍ਰਤੀ ਖੁੱਲ ਕੇ ਵਕਾਲਤ ਕੀਤੀ। ਉਨ੍ਹਾਂ ਇਸ ਗਲ 'ਤੇ ਜ਼ੋਰ ਦਿੱਤਾ ਕਿ ਬਚਿਆਂ ਨੂੰ ਨਾ ਪੜਾਉਣ ਵਾਲੇ ਲੋਕ ਬਚਿਆਂ ਦੇ ਦੋਸ਼ੀ ਅਤੇ ਉਨ੍ਹਾਂ ਦਾ ਨੁਕਸਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਮੁਸ਼ਕਲ ਜਾਂ ਮਦਦ ਲਈ ਉਹ ਹਰ ਵਕਤ ਉਨ੍ਹਾਂ ਨਾਲ ਖੜੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿਹਤਮੰਦ ਸਮਾਜ ਲਈ ਔਰਤ ਦੀ ਭੂਮਿਕਾ ਬਹੁਤ ਅਹਿਮ ਹੁੰਦੀ ਹੈ। ਔਰਤ 'ਚ ਸਮਾਜ ਨੂੰ ਉਪਰ ਚੁੱਕਣ ਦੀ ਸਮਰੱਥਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਧਰਤੀ 'ਤੇ ਆਇਆ ਹਰ ਮਨੁੱਖ ਔਰਤ ਦਾ ਕਰਜ਼ਦਾਰ ਹੈ। ਗੁਰੂ ਨਾਨਕ ਦੇਵ ਜੀ ਨੇ ਇਸਤਰੀ ਜਾਤੀ ਪ੍ਰਤੀ ''ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨੁ ।' ਕਹਿ ਕੇ ਵਡਿਆਈ ਕੀਤੀ। ਇਹ ਕਹਿਣ 'ਚ ਮੈਨੂੰ ਕੋਈ ਸੰਕੋਚ ਨਹੀਂ ਕਿ ਸਾਡੇ ਸਮਾਜ ਵਿੱਚ ਸਭ ਤੋਂ ਹਿੰਮਤ, ਦਲੇਰ ਤੇ ਮਜ਼ਬੂਤ ਦਿਲ ਔਰਤ ਦਾ ਹੀ ਹੁੰਦਾ ਹੈ, ਜੋ ਆਪਣੀ ਔਲਾਦ ਲਈ ਕਿਸੇ ਵੀ ਕੁਰਬਾਨੀ ਲਈ ਹਰ ਸਮੇਂ ਤਿਆਰ ਰਹਿੰਦੀ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਔਰਤਾਂ ਨੂੰ ਬਰਾਬਰੀ ਅਤੇ ਸਤਿਕਾਰ ਦਿਵਾਉਣ ਲਈ ਵਚਨਬੱਧ ਹਨ। ਉਨ੍ਹਾਂ ਨੇ ਮਹਿਲਾ ਦਿਵਸ਼ 'ਤੇ ਕੇਂਦਰ ਸਰਕਾਰ ਵੱਲੋਂ ਐੱਲ ਪੀ ਜੀ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ 100 ਰੁਪਏ ਦੀ ਕਟੌਤੀ ਕਰਦਿਆਂ ਦੇਸ਼ ਭਰ ਦੇ ਲੱਖਾਂ ਘਰਾਂ 'ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤਕ ਘਟ ਕੀਤਾ ਹੈ। ਨਰਿੰਦਰ ਮੋਦੀ ਸਰਕਾਰ ਔਰਤਾਂ ਦੀ ਭਲਾਈ, ਨਾਰੀ ਸਸ਼ਕਤੀਕਰਨ ਅਤੇ ਸਿਹਤਮੰਦ ਵਾਤਾਵਰਨ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ। ਇਸ ਤੋਂ ਪਹਿਲਾਂ ਔਰਤਾਂ ਦੇ ਭਲੇ ਲਈ ਕਾਨੂੰਨ 'ਚ ਅਨੇਕਾਂ ਲੋੜੀਂਦੇ ਸੁਧਾਰ ਕੀਤੇ ਗਏ ਹਨ।

ਇਸ ਮੌਕੇ ਖਾਨ ਕੋਟ ਦੇ ਸਾਬਕਾ ਸਰਪੰਚ ਗੁਰਦਰਸ਼ਨ ਸਿੰਘ ਸੰਧੂ, ਰਾਜੇਸ਼ ਮਦਾਨ ਕੌਂਸਲਰ, ਮਨਜੀਤ ਸਿੰਘ ਕੰਗ, ਦਲਜੀਤ ਸਿੰਘ ਕੰਗ, ਅਦਿੱਤਿਆ ਮਹਿਰਾ, ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ, ਡਾ. ਸੰਜੀਵ ਲਖਨਪਾਲ, ਗੁਰਕੀਰਤ ਸਿੰਘ ਢਿੱਲੋਂ ਅਤੇ ਅਰਜਨ ਵਧਵਾ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਹੁਰਾਂ ਨੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਦੋ ਦਿਨ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ ਤੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਹੁਰਾਂ ਦਾ ਜੋਸ਼ੋ ਖਰੋਸ਼ ਨਾਲ ਸਨਮਾਨਤ ਕੀਤਾ ਗਿਆ।। ਨਾਲ ਹੀ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ ਦੇ ਸਿੰਘ ਸਾਹਿਬਾਨ ਭਾਈ ਜੋਤਇੰਦਰ ਸਿੰਘ ਹਾਜ਼ਰ ਸਨ।ਇੰਟਰਨੈਸ਼ਨਲ ਪੰਥਕ ਦਲ ਸਮੂਹ ਜਥੇਬੰਦੀ ਵੱਲੋਂ ਸਿੰਘ ਸਾਹਿਬ ਭਾਈ ਕੁਲਵੰਤ ਸਿੰਘ ਜੀ ਅਤੇ ਸਿੰਘ ਸਾਹਿਬ ਭਾਈ ਜੋਤਇੰਦਰ ਸਿੰਘ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਸਿੰਘ ਸਾਹਿਬ ਜੀ ਨੂੰ ਬਹੁਤ ਵੱਡਾ ਮਾਣ ਬਖਸ਼ਿਆ ।ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰੇ ipd, ਭਾਈ ਰਘਬੀਰ ਸਿੰਘ ਜੀ ਮਾਲੜੀ , ਭਾਈ ਰਾਜਪਾਲ ਸਿੰਘ ਜੀ ਬੋਪਾਰਾਏ ਹਾਜਰ ਸਨ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਮਹਿਲਾ ਦਿਵਸ ਨੂੰ ਸਮਰਪਿਤ ਫਰੀ ਚੈਕ ਅੱਪ ਅਤੇ

# ਮੁਫਤ ਦਵਾਈਆਂ ਦਾ ਕੈਂਪ ਲਗਾਇਆ







**ਤਲਵੰਡੀ ਸਾਬੋ, 08 ਮਾਰਚ (ਗੁਰਜੰਟ ਸਿੰਘ ਨਥੇਹਾ)**- ਮਹਿਲਾ ਦਿਵਸ ਨੂੰ ਸਮਰਪਿਤ ਅੱਜ ਸਪੈਸ਼ਲ ਮਹਿਲਾਵਾਂ ਲਈ ਡਾਕਟਰ ਕਾਜਲ ਹਸਪਤਾਲ ਵੱਲੋਂ ਮਹਿਲਾਵਾਂ ਦਾ ਫਰੀ ਚੈੱਕ ਅਪ ਅਤੇ ਮੁਫਤ ਦਵਾਈਆਂ ਦਾ ਕੈਂਪ ਲਗਾਇਆ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡਾਕਟਰ ਕਾਜਲ ਜਿੰਦਲ ਨੇ ਦੱਸਿਆ ਕਿ ਅੱਜ ਮਹਿਲਾ ਦਿਵਸ ਨੂੰ ਸਮਰਪਿਤ ਸਪੈਸ਼ਲ ਮਹਿਲਾਵਾਂ ਲਈ ਇਹ ਚੈੱਕ ਅਪ ਅਤੇ ਫਰੀ ਦਵਾਈਆਂ ਦਾ ਕੈਂਪ ਲਗਾਇਆ ਗਿਆ ਹੈ। ਉਹਨਾਂ ਕਿਹਾ ਕਿ ਸਾਨੂੰ ਬੜੀ ਖੁਸ਼ੀ ਹੈ ਕਿ 60 ਤੋਂ 70 ਮਹਿਲਾਵਾਂ ਮਰੀਜ਼ ਸਾਡੇ ਕੋਲ ਆਪਣਾ ਇਲਾਜ ਕਰਵਾਉਣ ਲਈ ਪਹੁੰਚੀਆਂ ਹਨ ਜਿਨਾਂ ਨੂੰ ਇਸ ਕੈਂਪ ਦਾ ਲਾਭ ਮਿਲਿਆ ਜਿਨਾਂ ਦਾ ਫਰੀ ਚੈੱਕਅਪ ਅਤੇ ਉਹਨਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਅਸੀਂ ਪਰਮਾਤਮਾ ਦੇ ਸ਼ੁਕਰ ਗੁਜ਼ਾਰ ਹਾਂ ਕਿ ਸਾਨੂੰ ਅੱਜ ਮਹਿਲਾ ਦਿਵਸ ਦੇ ਮਹਿਲਾਵਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ। ਉਹਨਾਂ ਕਿਹਾ ਕਿ ਅਸੀਂ ਅੱਗੇ ਤੋਂ ਵੀ ਆਪਣੇ ਇਲਾਕੇ ਦੇ ਆਪਣੇ ਇਲਾਕੇ ਦੀ ਸੇਵਾ ਮੁਕਤ ਕੈਂਪ ਲਗਾ ਕੇ ਕਰਦੇ ਰਹਾਂਗੇ। ਉਹਨਾਂ ਨੇ ਆਪਣੀ ਟੀਮ ਦਾ ਵੀ ਧੰਨਵਾਦ ਕੀਤਾ ਜਿਨਾਂ ਨੇ ਕੈਂਪ ਵਿੱਚ ਪੂਰਾ ਸਹਿਯੋਗ ਕੀਤਾ। ਇਸ ਮੌਕੇ ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਅਮਨਦੀਪ ਕੌਰ, ਅਰਸ਼ਦੀਪ ਕੌਰ, ਅੰਜਲੀ ਕੁਮਾਰੀ, ਸੰਦੀਪ ਪੁਨੀਆ, ਬੇਅੰਤ ਕੌਰ, ਜਸਪਾਲ ਕੌਰ, ਬਬਲੀ ਕੌਰ, ਰਘਵੀਰ ਸਿੰਘ ਨੇ ਪੂਰਾ ਸਹਿਯੋਗ ਦਿੱਤਾ ਅਤੇ ਡਾਕਟਰ ਕਾਜਲ ਜਿੰਦਰ ਵੱਲੋਂ ਉਹਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਚੁਗਾਵਾਂ ਸਾਧਪੁਰ ਸਕੂਲ ਵਿਖੇ ਹੋਈ ਬਲਾਕ ਤਰਸਿੱਕਾ ਦੀ ਇਨਰੋਲਮੈਂਟ ਵਾਧੇ ਸਬੰਧੀ ਮੀਟਿੰਗ

ਅੰਮ੍ਰਿਤਸਰ-8 ਮਾਰਚ (..ਬਾਬਾ ਸੁਖਵੰਤ ਸਿੰਘ ਚੰਨਣਕੇ..) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੁਗਾਵਾਂ ਸਾਧਪੁਰ ਵਿਖੇ ਸ. ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਸਰਕਾਰ, ਸ਼੍ਰੀ ਰਾਜੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਅੰਮ੍ਰਿਤਸਰ ਦੀ ਯੋਗ ਅਗਵਾਈ ਹੇਠ ਬਲਾਕ ਤਰਸਿੱਕਾ ਦੇ ਸਮੂਹ ਸਕੂਲ ਮੁਖੀਆਂ ਨਾਲ ਇਨਰੋਲਮੈਂਟ ਵਾਧੇ ਸਬੰਧੀ ਮੀਟਿੰਗ ਕੀਤੀ ਗਈ। ਇਹ ਮੀਟਿੰਗ ਬਲਾਕ ਨੋਡਲ ਅਫਸਰ ਤਰਸਿੱਕਾ ਪ੍ਰਿੰਸੀਪਲ ਸ਼੍ਰੀ ਦੀਪਕ ਕੁਮਾਰ ਜੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਦੀ ਸਰਪ੍ਰਸਤੀ ਹੇਠ ਹੋਈ। ਉਨ੍ਹਾਂ ਦੱਸਿਆ ਕਿ ਇਸ ਵਾਰ ਬਲਾਕ ਵਿੱਚ ਹਰ ਇੱਕ ਸਕੂਲ ਨੇ ਇਨਰੋਲਮੈਂਟ ਵਿੱਚ 10% ਦਾ ਵਾਧਾ ਕਰਨਾ ਯਕੀਨੀ ਬਣਾਉਣਾ ਹੈ ਅਤੇ ਇਸਤੋਂ ਇਲਾਵਾ ਹੋਰ ਵੀ ਜਰੂਰੀ ਸੂਚਨਾਵਾਂ ਸਾਂਝੀਆਂ ਕੀਤੀਆਂ। ਸ. ਗੁਰਪ੍ਰੀਤ ਸਿੰਘ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੁਗਾਵਾਂ ਸਾਧਪੁਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਹਾਜ਼ਰ ਸਭਨਾਂ ਸਕੂਲ ਮੁਖੀਆਂ ਵੱਲੋਂ ਬਲਾਕ ਨੋਡਲ ਅਫ਼ਸਰ ਨੂੰ ਯਕੀਨ ਦਿਵਾਇਆ ਗਿਆ ਕਿ ਉਨ੍ਹਾਂ ਵੱਲੋਂ ਪੂਰੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਬੀਐਨਓ ਪ੍ਰਿੰਸੀਪਲ ਦੀਪਕ ਕੁਮਾਰ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਕਾਲਗੜ੍ਹ ਢਪੱਈਆਂ ਦੇ ਪ੍ਰਿੰਸੀਪਲ ਹਰਪ੍ਰੀਤਪਾਲ ਸਿੰਘ, ਸਸਸਸ ਮੱਤੇਵਾਲ ਦੇ ਪ੍ਰਿੰਸੀਪਲ ਪਰਮਿੰਦਰ ਕੌਰ, ਸਸਸਸ ਰਾਮਦਿਵਾਲੀ ਦੇ ਪ੍ਰਿੰਸੀਪਲ ਕੁਲਦੀਪ ਸਲਵਾਨ, ਦਸ਼ਮੇਸ਼ ਨਗਰ ਤੋਂ ਪ੍ਰਿੰਸੀਪਲ ਸੁਦੀਪ ਕੌਰ, ਟਾਹਲੀ ਸਾਹਿਬ ਤੋਂ ਮਨਜੀਤ ਸਿੰਘ, ਮਹਿਤਾ ਨੰਗਲ ਤੋਂ ਚਰਨਜੀਤ ਸਿੰਘ ਬੱਲ, ਨੰਗਲ ਮਹਿਤਾ ਦੇ ਹੈੱਡਮਿਸਟ੍ਰੈਸ ਲਵਲੀਨ ਕੌਰ, ਸੈਦੋਲੇਹਲ ਦੇ ਹੈੱਡਮਾਸਟਰ ਜਗਤਾਰ ਸਿੰਘ, ਚੰਨਣਕੇ ਤੋਂ ਨਰਿੰਦਰ ਸਿੰਘ ਰਾਏ, ਨਵਾਂ ਤਨੇਲ ਤੋਂ ਸੁਖਵਿੰਦਰ ਸਿੰਘ, ਸੈਦਪੁਰ ਤੋਂ ਅਮਨਦੀਪ ਕੌਰ, ਚਾਟੀਵਿੰਡ ਲੇਹਲ ਤੋਂ ਡਾ. ਅਰਜਿੰਦਰ ਕਲੇਰ, ਧਰਮੂਚੱਕ ਤੋਂ ਜਗਦੀਪ ਸਿੰਘ, ਭੀਲੋਵਾਲ ਤੋਂ ਬਲਵਿੰਦਰ ਸਿੰਘ, ਸਿਆਲਕਾ ਤੋਂ ਗੁਰਕ੍ਰਿਪਾਲ ਸਿੰਘ, ਬੀਐਮ ਕਵਲਪ੍ਰੀਤ ਸਿੰਘ ਜੋਸਨ, ਬੀਐਮ ਮਨਜਿੰਦਰ ਸਿੰਘ, ਅਰਜੁਨ ਮਾਂਗਾ ਤੋਂ ਡਾ. ਮਨਮੋਹਨ ਸਿੰਘ, ਭੱਟੀ ਕੇ ਤੋਂ ਬਲਰਾਜ ਸਿੰਘ, ਨੰਗਲੀ ਕਲਾਂ ਤੋਂ ਰਜਵੰਤ ਕੌਰ, ਮਹਿਸਮਪੁਰ ਤੋਂ ਸੁਖਜਿੰਦਰ ਸਿੰਘ, ਚੰਨਣਕੇ ਤੋਂ ਬਿੰਦੀਆ ਰਾਣੀ, ਚੋਗਾਵਾਂ ਸਾਧਪੁਰ ਤੋਂ ਪ੍ਰਿਤਪਾਲ ਸਿੰਘ, ਪ੍ਰੀਤਮੋਹਨ ਸਿੰਘ ਆਦਿ ਇਸ ਮੀਟਿੰਗ ਵਿੱਚ ਹਾਜ਼ਰ ਸਨ।




# ਨਗਰ ਵਾੜਾ ਸ਼ੇਰ ਸਿੰਘ ਤੋਂ ਨੌਜਵਾਨ ਸਭਾ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਿਖੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ





ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਨੂੰ ਸਮਰਪਿਤ ਦਰਸ਼ਨ ਦੀਦਾਰਿਆਂ ਨੂੰ ਨਗਰ ਵਾੜਾ ਸ਼ੇਰ ਸਿੰਘ ਤੋਂ ਨੌਜਵਾਨ ਸਭਾ ਦਾ ਜਥਾ ਰਵਾਨਾ ਹੋਇਆ ।ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਗੁਰੂ ਸਾਹਿਬ ਜੀ ਦੇ ਅੱਗੇ ਅਰਦਾਸ ਬੇਨਤੀ ਕਰਕੇ ਜਥਾ ਰਵਾਨਾ ਕੀਤਾ। ਅਤੇ ਬੋਲਦਿਆ ਦੱਸਿਆ ਕਿ ਜੋ ਨੌਜਵਾਨ ਸਭਾ ਹੋਲੇ ਮਹੱਲੇ ਨੂੰ ਸਮਰਪਿਤ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਦਰਸ਼ਨ ਦਾਰਿਆਂ ਨੂੰ ਰਵਾਨਾ ਹੋਏ ਹਨ ਗੁਰੂ ਸਾਹਿਬ ਜੀ ਕਿਰਪਾ ਕਰਨ ਇਹਨਾਂ ਦੀ ਯਾਤਰਾ ਸਫਲਾ ਕਰਨ ਗੁਰਸਿੱਖੀ ਜੀਵਨ ਨਾਮ ਦਾਨ ਅੰਮ੍ਰਿਤ ਦੀ ਦਾਤ ਬਖਸ਼ਣ। ਟਰੈਕਟਰ ਟਰਾਲੇ ਦੀ ਸੇਵਾ ਸ੍ਰ ਰਾਜ ਸਿੰਘ, ਸੁਖਰਾਜ ਸਿੰਘ, ਬਲਵੰਤ ਸਿੰਘ ਸਪੁੱਤਰ ਸਰਦਾਰ ਬਖਸ਼ੀਸ਼ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ ,ਨਿਸ਼ਾਨ ਸਿੰਘ, ਸੁਖਬੀਰ ਸਿੰਘ, ਹਰਮਨ ਸਿੰਘ, ਗੁਰਜੀਤ ਸਿੰਘ, ਸਿਮਰਨਜੀਤ ਸਿੰਘ, ਅਵਤਾਰ ਸਿੰਘ, ਗੁਰਦੇਵ ਸਿੰਘ ਅਤੇ ਹੋਰ ਨੌਜਵਾਨ ਹਾਜ਼ਰ ਸਨ।

# ਸ. ਅਰਜਨ ਸਿੰਘ, ਮਾ, ਨਿਰਮਲ ਸਿੰਘ ਮਾ, ਝਿਰਮਲ ਸਿੰਘ ਚੰਨਣਕੇ ਦੀ ਯਾਦ ਵਿੱਚ ਪੰਜ ਲੋੜਵੰਦ ਲੜਕੀਆਂ ਦੇ ਵਿਆਹ ਆਨੰਦ ਕਾਰਜ 31 ਮਾਰਚ ਨੂੰ














ਚੌਕ ਮਹਿਤਾ 8 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)ਪਿੰਡ ਚੰਨਣਕੇ ਦੇ ਐਨ, ਆਰ, ਈ ਸੁਖਰਾਜ ਸਿੰਘ ਰੰਧਾਵਾ ਅਤੇ ਵਾਰਿਸ ਬਲਿਹਾਰ ਸਿੰਘ ਰੰਧਾਵਾ ਨੇ ਆਪਣੇ ਬਜੁਰਗਾਂ ਹਉਲਦਾਰ ਸ, ਅਰਜਨ ਸਿੰਘ( ਦਾਦਾ) ਅਤੇ ਮਾਸਟਰ ਸ, ਨਿਰਮਲ ਸਿੰਘ ਮਾਸਟਰ ਸ, ਝਿਰਮਲ ਸਿੰਘ ਜੀ ਦੀ ਯਾਦ ਵਿੱਚ ਪਿੰਡ ਚੰਨਣਕੇ ਵਿੱਚ ਪੰਜ ਲੋੜਵੰਦ ਲੜਕੀਆਂ ਦੇ ਆਨੰਦ ਕਾਰਜਾਂ ਦੀ ਸੇਵਾ ਲਈ ਹੈ। ਪੱਤਰਕਾਰਾ ਨਾਲ ਗੱਲ ਬਾਤ ਕਰਦਿਆਂ ਹੋਇਆਂ ਸੁਖਰਾਜ ਸਿੰਘ ਰੰਧਾਵਾ ਐਨ, ਆਰ, ਈ ਅਤੇ ਵਾਰਿਸ ਬਲਿਹਾਰ ਸਿੰਘ ਰੰਧਾਵਾ ਐਨ, ਆਰ ਈ, ਕਿਹਾ ਕਿ ਲੋੜਵੰਦਾਂ ਲੜਕੀਆਂ ਨੂੰ ਘਰ ਵਰਤਨ ਵਾਲਾ ਕੁਝ ਸਮਾਨ ਵੀ ਦਿੱਤਾ ਜਾਵੇਗਾ। ਅਤੇ ਆਈਆਂ ਸੰਗਤਾਂ ਨੂੰ ਗੁਰੂ ਜੀ ਦੇ ਲੰਗਰ ਆਤੁਟ ਵਰਤੇਗਾ। ਇਲਾਕੇ ਦੀਆਂ ਸਮੂਹ ਮੋਹਤਬਰ ਹਾਜਰੀਆ ਭਰਨਗੇ।

# ਪਿੰਡ ਕਟਾਰੂਚੱਕ ਵਿਖੇ ਸਥਿਤ ਚਟਪਟ ਬਨੀ ਵਿਖੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਹੋਏ ਨਤਮਸਤਕ

**ਪਠਾਨਕੋਟ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਮਹਾਸਿਵਰਾਤ੍ਰੀ ਦੇ ਪਵਿੱਤਰ ਦਿਹਾੜੇ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ, ਜਿਲ੍ਹਾ ਪ੍ਰਸਾਸਨਿਕ ਅਧਿਕਾਰੀ ਅਤੇ ਭਾਰੀ ਸੰਖਿਆ ਵਿੱਚ ਆਮ ਆਦਮੀ ਪਾਰਟੀ ਦੇ ਕਾਰਜਕਰਤਾਵਾਂ ਪਿੰਡ ਕਟਾਰੂਚੱਕ ਵਿਖੇ ਸਥਿਤ ਚਟਪਟਬਨੀ ਵਿਖੇ ਨਤਮਸਤਕ ਹੋਏ। ਇਸ ਮੋਕੇ ਤੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ, ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ(ਵਿਕਾਸ), ਯੁੱਧਵੀਰ ਸਿੰਘ ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਪਠਾਨਕੋਟ, ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ , ਬਲਾਕ ਪ੍ਰਧਾਨ ਸੰਦੀਪ ਕੁਮਾਰ ਅਤੇ ਹੋਰ ਪਾਰਟੀ ਕਾਰਜਕਰਤਾ ਹਾਜਰ ਸਨ। ਜਿਕਰਯੋਗ ਹੈ ਕਿ ਅੱਜ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਅਤੇ ਉਨ੍ਹਾਂ ਦੇ ਨਾਲ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਪਿੰਡ ਕਟਾਰੂਚੱਕ ਵਿਖੇ ਸਥਿਤ ਇਤਿਹਾਸਿਕ ਸਥਾਨ ਚਟਪਟਬਨੀ ਵਿਖੇ ਪਹੁੰਚ ਅਤੇ ਸਿਵਸੰਕਰ ਭਗਵਾਨ ਜੀ ਦੇ ਮੰਦਿਰ ਵਿਖੇ ਨਤਮਸਤਕ ਹੋਏ। ਇਸ ਮੋਕੇ ਤੇ ਉਨ੍ਹਾਂ ਪਵਿੱਤਰ ਧੂਣੇ ਦੇ ਵੀ ਦਰਸਨ ਕੀਤੇ। ਮੰਦਿਰ ਕਮੇਟੀ ਵੱਲੋਂ ਕੈਬਨਿਟ ਮੰਤਰੀ ਪੰਜਾਬ, ਡਿਪਟੀ ਕਮਿਸਨਰ ਪਠਾਨਕੋਟ ਅਤੇ ਹੋਰ ਜਿਲ੍ਹਾ ਪ੍ਰਸਾਸਨਿਕ ਅਧਿਕਾਰੀਆਂ ਨੂੰ ਯਾਦਗਾਰ ਚਿਨ੍ਹ ਭੇਂਟ ਕਰਕੇ ਸਨਮਾਨਤ ਵੀ ਕੀਤਾ। ਇਸ ਮੋਕੇ ਤੇ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਇਸ ਪਵਿੱਤਰ ਦਿਹਾੜੇ ਤੇ ਉਹ ਸਾਰੇ ਜਿਲ੍ਹਾ ਵਾਸੀਆ ਅਤੇ ਪੰਜਾਬ ਵਾਸੀਆਂ ਨੂੰ ਹਾਰਦਿੱਕ ਸੁਭਕਾਮਨਾਵਾਂ ਦਿੰਦੇ ਹਨ ਅਤੇ ਲੋਕਾਂ ਨੂੰ ਅਪੀਲ ਕਰਕੇ ਹਨ ਕਿ ਆਓ ਸਾਰੇ ਰਲ ਮਿਲ ਕੇ ਅਜਿਹੇ ਪਵਿੱਤਰ ਦਿਹਾੜੇ ਮਨਾਈਏ ਅਤੇ ਇਨ੍ਹਾਂ ਪਵਿੱਤਰ ਸਥਾਨਾਂ ਤੇ ਦਰਸਨ ਕਰਕੇ ਸਮਾਜ ਅੰਦਰ ਮਾਨਵਤਾ, ਭਾਈਚਾਰੇ ਦਾ ਸੰਦੇਸ ਦੇਈਏ।

# ਮਾਤਾ ਗੁਰਚਰਨ ਕੌਰ ਜੀ ਦੇ ਅੰਤਿਮ ਅਰਦਾਸ ਸਮਾਗਮ ਸੰਪੰਨ

## ਹਾਜ਼ਰ ਸੰਤ ਮਹਾਂਪੁਰਸ਼ ਅਤੇ ਪਰਿਵਾਰ, ਰਿਸ਼ਤੇਦਾਰ, ਸਾਕ ਸੰਬੰਧੀ, ਨਗਰ ਅਤੇ ਇਲਾਕਾ ਨਿਵਾਸੀ ਸੰਗਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ




(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਾਤਾ ਗੁਰਚਰਨ ਕੌਰ ਜੀ ਦੇ ਅੰਤਿਮ ਅਰਦਾਸ ਸਮਾਗਮ ਸੰਪੰਨ



## ਹਾਜ਼ਰ ਸੰਤ ਮਹਾਂਪੁਰਸ਼ ਅਤੇ ਪਰਿਵਾਰ, ਰਿਸ਼ਤੇਦਾਰ, ਸਾਕ ਸੰਬੰਧੀ, ਨਗਰ ਅਤੇ ਇਲਾਕਾ ਨਿਵਾਸੀ ਸੰਗਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ













ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ

# ਅਮਰ ਸ਼ਹੀਦ ਭਾਈ ਅਮਰੀਕ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ

### ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰਧਾਨ ਭਾਈ ਮਨਮੋਹਨ ਸਿੰਘ ਨੇ ਸਾਰੀ ਸੰਗਤ ਅਤੇ ਪਹੁੰਚੀਆਂ ਸਖਸ਼ੀਅਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ







**ਅੰਮ੍ਰਿਤਸਰ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਦਾ ਜਨਮ ਦਿਹਾੜਾ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਮਨਾਇਆ ਗਿਆ। ਭਾਈ ਅਮਰੀਕ ਸਿੰਘ ਜੀ ਦਾ ਜਨਮ 6 ਮਾਰਚ 1953 ਨੂੰ ਸੰਤ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਗ੍ਰਹਿ ਵਿਖੇ ਬੀਬੀ ਨਿਰੰਜਣ ਕੌਰ ਦੀ ਕੁਖੋਂ ਪਿੰਡ ਭੂਰਾ ਕੋਹਨਾ ਵਿਖੇ ਹੋਇਆ। ਭਾਈ ਸਾਹਿਬ ਸਾਰਾ ਜੀਵਨ ਗੁਰਮਤਿ ਦਾ ਪ੍ਰਚਾਰ ਕਰਦੇ ਰਹੇ। ਜਿਸ ਸਮੇਂ ਭਾਰਤੀ ਹਕੂਮਤ ਨੇ ਸ੍ਰੀ ਅਕਾਲ ਤਖਤ ਸਾਹਿਬ ਉਤੇ ਟੈਂਕਾਂ ਤੋਪਾਂ ਨਾਲ ਹਮਲਾ ਕੀਤਾ। ਭਾਈ ਸਾਹਿਬ ਜੀ ਨੇ ਜੂਝ ਕੇ ਸ਼ਹਾਦਤ ਪ੍ਰਾਪਤ ਕੀਤੀ। ਇਕ ਵਿਦਿਆਰਥੀ ਵਜੋਂ ਉਹਨਾਂ ਨੇ ਜਿਥੇ ਗੁਰਮਤਿ ਦੀ ਵਿਦਿਆ ਦਮਦਮੀ ਟਕਸਾਲ ਚੋਂ ਪ੍ਰਾਪਤ ਕੀਤੀ। ਉਤੇ ਮਾਸਟਰ ਡਿਗਰੀ ਖਾਲਸਾ ਕਾਲਜ ਤੋਂ ਪਾਸ ਕੀਤੀ। ਪਟਿਆਲਾ ਯੂਨੀਵਰਸਿਟੀ ਵਿੱਚ ਉਹਨਾਂ ਦੀ ਪੀਐਚ ਡੀ ਲਈ ਰਜਿਸ਼ਟ੍ਰੇਸ਼ਨ ਵੀ ਹੋ ਚੁੱਕੀ ਸੀ। ਵਿਦਿਆਰਥੀ ਉਹਨਾਂ ਨੂੰ ਆਪਣਾ ਆਦਰਸ਼ ਮੰਨਦੇ ਹਨ। ਉਹਨਾਂ ਦਾ ਜਨਮ ਦਿਨ ਯੂਨਾਇਟਡ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਯੂਨੀਵਰਸਿਟੀ ਵਿੱਚ ਗੁਰਮਤਿ ਸਮਾਗਮ ਕਰਵਾ ਕੇ ਮਨਾਇਆ ਗਿਆ। ਇਸ ਸਮਾਗਮ ਵਿੱਚ ਗਿਆਨੀ ਨਵਤੇਜ ਸਿੰਘ ਜੀ ਦਮਦਮੀ ਟਕਸਾਲ, ਰਾਗੀ ਭਾਈ ਬਹੁਲਿਵਲੀਨ ਸਿੰਘ ਜੀ, ਡਾ ਕਵਰ ਅਮਰਿੰਦਰ ਸਿੰਘ ਜੀ ਅਤੇ ਹੋਰ ਪਤਵੰਤੀਆਂ ਸਖਸ਼ੀਅਤਾਂ ਪਹੁੰਚੀਆਂ ।ਇਸ ਮੌਕੇ ਫੈਡਰੇਸ਼ਨ ਵੱਲੋਂ ਦੁਧ ਤੇ ਸਮੋਸਿਆਂ ਦਾ ਲੰਗਰ ਲਗਾਇਆ ਗਿਆ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰਧਾਨ ਭਾਈ ਮਨਮੋਹਨ ਸਿੰਘ ਨੇ ਸਾਰੀ ਸੰਗਤ ਅਤੇ ਪਹੁੰਚੀਆਂ ਸਖਸ਼ੀਅਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।



### ਜੇ ਅੰਮ੍ਰਿਤ ਛਕਾਉਣਾ, ਨਸ਼ੇ ਛੁਡਾਉਣਾ, ਹੱਕ-ਅਜ਼ਾਦੀ ਲਈ ਸੰਘਰਸ਼ ਕਰਨਾ ਗ਼ੁਨਾਹ ਹੈ ਤਾਂ

# ਇਹ ਗ਼ੁਨਾਹ ਹਰੇਕ ਸਿੱਖ ਕਰਨ ਨੂੰ ਤਿਆਰ ਹੈ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਤੇ ਸਾਥੀਆਂ ਦੀ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਤਬਦੀਲੀ ਕਰਵਾਉਣ ਤੇ ਐਨ.ਐਸ.ਏ ਹਟਵਾਉਣ ਲਈ ਸ੍ਰੀ ਅੰਮ੍ਰਿਤਸਰ ਵਿਖੇ ਲੱਗੇ ਮੋਰਚੇ 'ਚ ਅੱਜ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਜੋਸ਼ੀਲੀ ਤਕਰੀਰ ਕਰਦਿਆਂ ਕਿਹਾ ਕਿ ਇੱਕ ਪਾਸੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਹੋ ਰਹੀਆਂ ਨੇ, ਦੂਜੇ ਪਾਸੇ ਖਾਲਿਸਤਾਨ ਕਮਾਂਡੋ ਫੋਰਸ ਦੇ ਮੁਖੀ ਜਰਨੈਲ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਖੰਡਾ, ਭਾਈ ਹਰਦੀਪ ਸਿੰਘ ਨਿੱਝਰ, ਭਾਈ ਸੰਦੀਪ ਸਿੰਘ ਦੀਪ ਸਿੱਧੂ ਦੀਆਂ ਸ਼ਹਾਦਤਾਂ ਹੋ ਚੁੱਕੀਆਂ ਹਨ, ਤੀਜੇ ਪਾਸੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਪ੍ਰੋਫੈਸਰ ਦਵਿੰਦਰ ਪਾਲ ਸਿੰਘ ਭੁੱਲਰ ਆਦਿ ਬੰਦੀ ਸਿੰਘਾਂ ਨੂੰ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਰਿਹਾ ਨਹੀਂ ਕੀਤਾ ਜਾ ਰਿਹਾ, ਚੌਥੇ ਪਾਸੇ ਭਾਈ ਜਗਤਾਰ ਸਿੰਘ ਜੱਗੀ ਜੌਹਲ, ਭਾਈ ਰਮਨਦੀਪ ਸਿੰਘ ਬੱਗਾ, ਭਾਈ ਹਰਦੀਪ ਸਿੰਘ ਸ਼ੇਰਾ, ਭਾਈ ਸੰਦੀਪ ਸਿੰਘ ਸੰਨੀ ਵੀ ਭਾਰਤ ਦੀਆਂ ਜੇਲ੍ਹਾਂ ਵਿੱਚ ਕੈਦ ਹਨ। ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਆਪਣੇ ਦਸ ਸਾਥੀਆਂ ਸਮੇਤ ਅਸਾਮ ਦੀ ਡਿਬਰੂਗੜ੍ਹ ਜੇਲ ਵਿੱਚ ਇਕ ਸਾਲ ਤੋਂ ਕੈਦ ਹਨ, ਕਾਲੇ ਕਾਨੂੰਨ ਐਨ.ਐਸ.ਏ. ਨੂੰ ਹਟਾਉਣ ਅਤੇ ਡਿਬਰੂਗੜ੍ਹ ਤੋਂ ਪੰਜਾਬ ਦੀ ਜੇਲ 'ਚ ਤਬਦੀਲੀ ਕਰਨ ਦੇ ਲਈ ਭਾਈ ਅੰਮ੍ਰਿਤਪਾਲ ਸਿੰਘ ਸਾਥੀਆਂ ਸਮੇਤ 16 ਫਰਵਰੀ ਤੋਂ ਭੁੱਖ ਹੜਤਾਲ ਤੇ ਹਨ, 22 ਫਰਵਰੀ ਤੋਂ ਇਹਨਾਂ ਸਿੰਘਾਂ ਦੇ ਮਾਪੇ ਅੰਮ੍ਰਿਤਸਰ ਮੋਰਚਾ ਲਾ ਕੇ ਭੁੱਖ ਹੜਤਾਲ ਤੇ ਬੈਠੇ ਹੋਏ ਹਨ। ਸੰਘਰਸ਼ਸ਼ੀਲ ਕਿਸਾਨ ਵੀ ਸ਼ੰਭੂ ਬਾਰਡਰ 'ਤੇ ਮੋਰਚਾ ਲਾ ਕੇ ਬੈਠੇ ਹੋਏ ਹਨ ਜਿਨ੍ਹਾਂ ਨੂੰ ਹਰਿਆਣਾ ਸਰਕਾਰ ਨੇ ਦਿੱਲੀ ਜਾਣ ਤੋਂ ਡੱਕਿਆ ਹੋਇਆ ਹੈ, ਸ਼ੁੱਭਕਰਨ ਸਿੰਘ ਦੀ ਸ਼ਹਾਦਤ ਸਮੇਤ ਕਈ ਨੌਜਵਾਨ ਕਿਸਾਨ ਜਖਮੀ ਹੋ ਚੁੱਕੇ ਹਨ੍ਹ ਇਹ ਭਾਰਤ ਦੀ ਰਾਜ ਸੱਤਾ ਤੇ ਕਾਬਜ ਹਿੰਦੂ ਹਾਕਮਾਂ ਦੀਆਂ ਪੰਥ ਅਤੇ ਪੰਜਾਬ ਵਿਰੋਧੀ ਨੀਤੀਆਂ ਕਾਰਨ ਸਾਡੀ ਦੁਰਗਤੀ ਹੋ ਰਹੀ ਹੈ। ਇਹਨਾਂ ਹਾਲਾਤਾਂ ਲਈ ਸੂਬਾ ਅਤੇ ਕੇਂਦਰ ਸਰਕਾਰ ਜਿੰਮੇਵਾਰ ਹੈ, ਸਰਕਾਰਾਂ ਬੇ-ਰਹਿਮ ਹੋ ਕੇ ਸਿੱਖਾਂ ਦਾ ਖੂਨ ਚੂਸ ਰਹੀਆਂ ਹਨ। ਜੇਲਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ, ਭਾਈ ਪਪਲਪ੍ਰੀਤ ਸਿੰਘ, ਭਾਈ ਕੁਲਵੰਤ ਸਿੰਘ, ਭਾਈ ਗੁਰਮੀਤ ਸਿੰਘ ਬੁੱਕਣਵਾਲਾ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ, ਇਧਰ ਮੋਰਚੇ ਤੇ ਬੈਠੇ ਪਰਿਵਾਰਾਂ ਦੀ ਸਿਹਤ ਵਿਗੜ ਰਹੀ ਹੈ ਪਰ ਸਰਕਾਰ ਉੱਤੇ ਕੋਈ ਅਸਰ ਨਾ ਹੋਣਾ ਇਹ ਖਤਰੇ ਦੀ ਘੰਟੀ ਹੈ। ਸਰਕਾਰਾਂ ਜਬਰ ਜੁਲਮ ਕਰਕੇ ਸਾਡੇ ਸਿੱਖੀ ਸਿਦਕ ਅਤੇ ਸਬਰ ਨੂੰ ਤੋੜਨਾ ਚਾਹੁੰਦੀਆਂ ਹਨ ਪਰ ਖਾਲਸਾ ਝੁਕੇਗਾ ਨਹੀਂ ਤੇ ਜਬਰ ਦਾ ਮੁਕਾਬਲਾ ਸਬਰ ਨਾਲ ਕਰਦਾ ਰਹੇਗਾ। ਉਹਨਾਂ ਕਿਹਾ ਕਿ ਫਸਲਾਂ ਤੇ ਨਸਲਾਂ ਦੀ ਰਾਖੀ ਲਈ ਸੰਘਰਸ਼ ਹੀ ਅਖੀਰਲਾ ਰਾਹ ਹੈ। ਜੇਕਰ ਅੰਮ੍ਰਿਤ ਛਕਾਉਣਾ, ਨਸ਼ੇ ਛਡਾਉਣਾ, ਸਿੱਖੀ ਦਾ ਪ੍ਰਚਾਰ ਕਰਨਾ, ਆਪਣੇ ਹੱਕਾਂ ਹਕੂਕਾਂ ਤੇ ਆਜ਼ਾਦੀ ਲਈ ਸੰਘਰਸ਼ ਕਰਨਾ ਗੁਨਾਹ ਹੈ ਤਾਂ ਇਹ ਗੁਨਾਹ ਹਰੇਕ ਸਿੱਖ ਕਰਨ ਨੂੰ ਤਿਆਰ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸੀਂ ਸਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਦੇ ਪੁੱਤਰ ਅਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਵਾਰਸ ਹਾਂ। ਉਹਨਾਂ ਕਿਹਾ ਕਿ ਸਿੰਘਾਂ ਦੀਆਂ ਰਿਹਾਈਆਂ ਲਈ ਕੌਮੀ ਬਲਬੂਤੇ, ਸਿਆਸੀ ਸ਼ਕਤੀ ਤੇ ਕਾਨੂੰਨੀ ਚਾਰਾਜੋਈ ਦੀ ਲੋੜ ਹੈ ਅਤੇ ਪੰਥਕ ਏਕਤਾ ਸਮੇਂ ਦੀ ਮੰਗ ਹੈ। ਉਹਨਾਂ ਇਹ ਵੀ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ, ਜੁਝਾਰੂ ਸਿੰਘਾਂ, ਦੀਪ ਸਿੱਧੂ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਪਿਆਰ ਕਰਨ ਵਾਲੇ ਨੌਜਵਾਨ ਖੰਡੇ ਬਾਟੇ ਦਾ ਅੰਮ੍ਰਿਤ ਛਕਣ, ਗੁਰਬਾਣੀ ਦੇ ਲੜ ਲੱਗਣ ਤੇ ਸੰਘਰਸ਼ਸ਼ੀਲ ਹੋਣ।




## ਇੱਕ ਨਜ਼ਰ



# ਕਾਂਗਰਸੀ ਅਤੇ ਬੀਜੇਪੀ ਕੌਂਸਲਰਾਂ ਨੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ 'ਤੇ ਧੱਕੇਸ਼ਾਹੀ ਕਰਨ ਦੇ ਲਗਾਏ ਇਲਜ਼ਾਮ

**ਅਜਨਾਲਾ, 8 ਮਾਰਚ ( ਆਵਾਜ਼ਿ ਕੌਮ ਬਿਊਰੋ )**- ਨਗਰ ਪੰਚਾਇਤ ਅਜਨਾਲਾ ਦੇ ਵਿਰੋਧੀ ਧਿਰ ਦੇ ਕੌਂਸਲਰਾਂ ਨੇ ਅਜਨਾਲਾ ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਵੱਲੋਂ ਧੱਕੇਸ਼ਾਹੀ ਕਰਨ ਸਬੰਧੀ ਅਤੇ ਗੈਰ ਸਿਧਾਂਤਕ ਮੀਟਿੰਗ ਕਰਨ ਦੇ ਲਾਏ ਇਲਜ਼ਾਮਾਂ ਸਬੰਧੀ ਬੀਤੀ ਦੇਰ ਸ਼ਾਮ ਐਡਵੋਕੇਟ ਸੁਨੀਲਪਾਲ ਦੇ ਦਫਤਰ ਵਿੱਚ ਹੋਈ ਇੱਕ ਪ੍ਰੈਸ ਕਾਨਫਰਸ ਵਿੱਚ ਅਜਨਾਲਾ ਸ਼ਹਿਰ ਦੇ ਕਾਂਗਰਸੀ ਅਤੇ ਭਾਰਤੀ ਜਨਤਾ ਪਾਰਟੀ ਪੱਖੀ ਕੌਂਸਲਰਾਂ ਨੇ ਇੱਕ ਪ੍ਰੈਸ ਕਾਨਫਰਸ ਕਰਦਿਆਂ ਕੌਂਸਲਰ ਦੀਪਕ ਅਰੋੜਾ , ਕੌਂਸਲਰ ਗੁਰਦੇਵ ਸਿੰਘ ਨਿੱਜਰ , ਕੌਂਸਲਰ ਪ੍ਰਮਿੰਦਰ ਸਿੰਘ ਭੱਖਾ,ਕੌਂਸਲਰ ਵਿਕਰਮ ਬੇਦੀ ਕੌਂਸਲਰ , ਕੌਂਸਲਰ ਸਿੰਮੀ ਸਰੀਨ, ਕੌਂਸਲਰ ਗੀਤਾ ਔਲ਼ ਅਤੇ ਕਾਂਗਰਸ ਅਜਨਾਲਾ ਸ਼ਹਿਰੀ ਦੇ ਪ੍ਰਧਾਨ ਦਵਿੰਦਰ ਸਿੰਘ ਡੈਮ , ਜਗਜੀਤ ਸਿੰਘ ਦੀ ਵਿੱਚ ਦੱਸਿਆ ਕਿ ਅਜਨਾਲਾ ਦੇ ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਕੋਲ ਬਹੁਮਤ ਨਹੀਂ ਹੈ ਅਸੀਂ ਬਹੁਮਤ ਸਾਬਿਤ ਕਰਨ ਲਈ ਨਗਰ ਪੰਚਾਇਤ ਅਜਨਾਲਾ ਨੂੰ ਬਹੁਤ ਵਾਰੀ ਕਿਹਾ ਸੀ ਪਰ ਸਾਡੀ ਕੋਈ ਸੁਣਵਾਈ ਨਹੀਂ ਹੋਈ ਫਿਰ ਅਸੀਂ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਇੱਕ ਰਿਟ ਪਟੀਸ਼ਨ 3 ਨਵੰਬਰ 2023 ਨੂੰ ਪਾਈ ਜਿਸ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅਜਨਾਲਾ ਨਗਰ ਪੰਚਾਇਤ ਦੇ ਕਾਰਜ ਸਾਧਕ ਅਫਸਰ ਨੂੰ ਹੁਕਮ ਜਾਰੀ ਕੀਤੇ ਸਨ ਕਿ 28 ਦਿਨਾਂ ਦੇ ਵਿੱਚ ਵਿੱਚ ਅਜਨਾਲਾ ਨਗਰ ਪੰਚਾਇਤ ਵਿੱਚ ਪ੍ਰਧਾਨ ਆਪਣਾ ਬਹੁਮਤ ਸਾਬਿਤ ਕਰੇ ਪਰ ਮਾਨਯੋਗ ਹਾਈਕੋਰਟ ਦੇ ਦਿੱਤੇ ਗਏ ਹੁਕਮਾਂ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਨਗਰ ਪੰਚਾਇਤ ਅਜਨਾਲੇ ਦੇ ਪ੍ਰਧਾਨ ਵੱਲੋਂ ਮੀਟਿੰਗ ਕਰਕੇ ਆਪਣਾ ਬਹੁਮਤ ਸਾਬਿਤ ਨਹੀਂ ਹੋ ਸਕਿਆ ਅਤੇ ਇਸ ਤੋਂ ਬਾਅਦ ਹੁਣ ਅਸੀਂ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿਚ ਕੋਰਟ ਦੇ ਹੁਕਮਾਂ ਦੀ ਉਲੰਘਨਾ ਕਰਨ ਸਬੰਧੀ ਕੇਸ ਪਾਇਆ ਹੋਇਆ ਹੈ ਜਿਸ ਦੀ ਅਗਲੀ ਤਰੀਕ 12-3-2024 ਹੈ ਅਤੇ ਜਿਸ ਦਾ ਅਸੀਂ ਨੋਟਿਸ ਦੇਣ ਨਗਰ ਪੰਚਾਇਤ ਅਜਨਾਲਾ ਦੇ ਦਫਤਰ ਗਏ ਸੀ ਅਤੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਵੱਲੋਂ ਬਿਨਾਂ ਬਹੁਮਤ ਸਾਬਿਤ ਕੀਤਿਆਂ ਇਕ ਮੀਟਿੰਗ ਕਰਵਾਈ ਗਈ ਅਤੇ ਮੀਟਿੰਗ ਵਿੱਚ ਸਾਡੇ ਕੌਂਸਲਰਾਂ ਦੇ ਨਾਲ ਪ੍ਰਧਾਨ ਵੱਲੋਂ ਧੱਕੇਸ਼ਾਹੀ ਕਰਦਿਆਂ ਸਾਡੇ ਮੋਬਾਇਲ ਫੋਨ ਬੰਦ ਕਰਵਾ ਕੇ ਜਮਾ ਕਰ ਲਏ ਅਤੇ ਸਾਨੂੰ ਖਾਲੀ ਪੇਪਰ ਦੇ ਕੇ ਸਾਈਨ ਕਰਨ ਨੂੰ ਕਿਹਾ ਜਿਸ ਤੇ ਅਸੀਂ ਸਾਈਨ ਨਹੀਂ ਕੀਤੇ ਅਤੇ ਵਾਕ ਆਊਟ ਕਰਕੇ ਉਥੋਂ ਵਾਪਸ ਆ ਗਏ ਅਤੇ ਬਾਹਰ ਨਿਕਲਦਿਆਂ ਸਾਡੀਆਂ ਜ਼ਨਾਨਾ ਕੌਂਸਲਰਾਂ ਨਾਲ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਵੱਲੋਂ ਧੱਕਾ ਮੁੱਕੀ ਵੀ ਕੀਤੀ ਗਈ ਜਿਸ ਕਾਰਨ ਅਸੀਂ ਰੋਸ ਪ੍ਰਦਰਸ਼ਨ ਵੀ ਕੀਤਾ ਅਤੇ ਭਾਰੀ ਫੋਰਸ ਬੱਲ ਵੀ ਪ੍ਰਧਾਨ ਵੱਲੋਂ ਮੰਗਵਾਇਆ ਗਿਆ ਸੀ ਇਸ ਸਮੇਂ ਸਾਡੇ ਕੋਲ ਅੱਠ ਕੌਂਸਲਰ ਮੌਜੂਦ ਹਨ ਹੁਣ ਜਦੋਂ ਵਿਰੋਧੀ ਧਿਰ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਸਬੰਧੀ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਦਾ ਪੱਖ ਲੈਣ ਲਈ ਉਹਨਾਂ ਨਾਲ ਸੰਪਰਕ ਕਰਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਇਹਨਾਂ ਦੇ ਕੋਲ ਬਹੁਮਤ ਲਈ ਕੌਂਸਲਰ ਨਹੀਂ ਹਨ ਇਹਨਾਂ ਦੇ ਨਾਲ ਨਗਰ ਪੰਚਾਇਤ ਦੇ ਦਫਤਰ ਵਿੱਚ ਸਿਰਫ 6 ਕੌਂਸਲਰ ਹੀ ਆਏ ਸਨ ਅਤੇ ਮੇਰੇ ਨਾਲ ਸੱਤ ਮੈਂਬਰ ਹਨ ਅਤੇ ਇਕ ਵੋਟ ਮੰਤਰੀ ਸਾਹਿਬ ਦੀ ਹੈ ਅਤੇ ਦੋਵਾਂ ਧਿਰਾਂ ਕੋਲ ਅੱਠ ਅੱਠ ਮੈਂਬਰ ਬਣਦੇ ਹਨ ਇਸ ਕਰਕੇ ਕਿਸੇ ਕੋਲ ਬਹੁਮਤ ਨਹੀਂ ਹੈ ਅਤੇ ਜਦੋਂ ਵਿਰੋਧੀ ਧਿਰ ਵੱਲੋਂ ਅਦਾਲਤ ਵਿੱਚ ਕੋਰਟ ਆਫ ਕੰਨਟਐਮਟ ਸਬੰਧੀ ਪੁੱਛਿਆ ਤਾਂ ਉਹਨਾਂ ਦਾ ਜਵਾਬ ਸੀ ਕਿ ਇਸ ਸਬੰਧੀ ਨਗਰ ਪੰਚਾਇਤ ਅਜਨਾਲਾ ਦੇ ਕਾਰਜ ਸਾਧਕ ਅਫਸਰ ਜਾਂ ਮੰਤਰੀ ਸਾਹਿਬ ਹੀ ਦੱਸ ਸਕਦੇ ਹਨ ਹੁਣ ਜੇਕਰ ਖੁਦਾ ਨਾ ਖਾਸਤਾ ਕੋਰਟ ਦਾ ਫ਼ੈਸਲਾ ਨਗਰ ਪੰਚਾਇਤ ਅਜਨਾਲਾ ਦੇ ਖਿਲਾਫ ਆਗਿਆ ਤਾਂ ਗਾਜ ਕਾਰਜ ਸਾਧਕ ਅਫਸਰ ਤੇ ਡਿੱਗੇਗੀ ਜਾ ਮੰਤਰੀ ਸਾਹਿਬ ਦੇ ਉੱਪਰ ਪ੍ਰਧਾਨ ਸਾਹਿਬ ਤਾਂ ਬੱਚ ਗਏ ਇਹ ਸੋਚ ਹੈ ਪ੍ਰਧਾਨ ਸਾਹਿਬ ਦੀ ਅੱਗੇ ਉਹਨਾਂ ਕਿਹਾ ਕਿ ਵਿਰੋਧੀ ਧਿਰ ਵੱਲੋਂ ਮੇਰੇ ਤੇ ਲਗਾਏ ਇਲਜ਼ਾਮ ਬੇਬੁਨਿਆਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243